

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 3, ਮਈ 2018 (ਜੇਠ, ਸੰਮਤ ਨਾਨਕਸ਼ਾਹੀ 550) | ਮੁੱਖ ਸੰਪਾਦਕ ਦਿਲਜੀਤ ਸਿੰਘ ਬੇਦੀ | ਪ੍ਰਕਾਸ਼ਕ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ | ਫੋਨ- 01832553956-60 | ਈਮੇਲ- sgpcsargarmiya@gmail.com

## ਸ਼੍ਰੋਮਣੀ ਕਮੇਟੀ ਦਾ ਇਤਿਹਾਸਕ ਫੈਸਲਾ ਹੈ ਸਰਹੱਦੀ ਪਿੰਡਾਂ ਦੇ ਲੋਕਾਂ ਲਈ ਮੁਫ਼ਤ ਮੈਡੀਕਲ ਵੈਨਾਂ ਸ਼ੁਰੂ ਕਰਨਾ

ਸਿੱਖ ਗੁਰੂ ਸਾਹਿਬਾਨ ਨੇ ਆਪਣੇ ਜੀਵਨ ਕਾਲ ਵਿਚ ਜਿਥੇ ਅਧਿਆਤਮਿਕ ਗਿਆਨ ਰਾਹੀਂ ਲੁਕਾਈ ਨੂੰ ਆਤਮਿਕ ਤੌਰ ਤੇ ਤੰਦਰੁਸਤ ਕੀਤਾ ਉਥੇ ਸਰੀਰਕ ਤੰਦਰੁਸਤੀ ਦਾ ਵੀ ਖਿਆਲ ਰੱਖਿਆ। ਸ੍ਰੀ ਗੁਰੂ ਅਮਰਦਾਸ ਜੀ ਨੇ ਸਰੀਰਕ ਤੰਦਰੁਸਤੀ ਲਈ ਮਲ ਅਖਾੜੇ ਬਣਵਾਏ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਤਰਨ ਤਾਰਨ ਦੀ ਧਰਤੀ ਤੇ ਲੋਵਵੰਦ ਲੋਕਾਂ ਦੀ ਮਦਦ ਲਈ ਹਸਪਤਾਲ ਬਣਵਾਇਆ। ਸ੍ਰੀ ਗੁਰੂ ਹਰਿਰਾਏ ਜੀ ਨੇ ਕੀਰਤਪੁਰ ਸਾਹਿਬ ਵਿਖੇ ਦਵਾਖਾਨਾ ਬਣਾਇਆ ਜਿਸ ਵਿਚ ਦੁਰਲੱਭ ਜੜੀ ਬੂਟੀਆਂ ਨਾਲ ਇਲਾਜ ਕੀਤਾ ਜਾਂਦਾ ਸੀ। ਇਸੇ ਤਰ੍ਹਾਂ ਬਾਕੀ ਗੁਰੂ ਸਾਹਿਬਾਨ ਨੇ ਵੀ ਆਪਣੇ ਸਮੇਂ ਜਿਕਰਯੋਗ ਕਾਰਜ਼ ਕੀਤੇ ਹਨ ਜਿਨ੍ਹਾਂ ਨਾਲ ਮਨੁੱਖਤਾ ਨੂੰ ਆਤਮਿਕ ਤ੍ਰਿਪਤੀ ਦੇ ਨਾਲ-ਨਾਲ ਸਰੀਰਿਕ ਤੰਦਰੁਸਤੀ ਵੀ ਮਿਲ ਸਕੇ। ਗੁਰੂ ਸਾਹਿਬਾਨ ਨੇ ਸਿੱਖ ਸੰਗਤਾਂ ਨੂੰ ਲੋੜਵੰਦਾਂ ਦੀ ਸਹਾਇਤਾ ਲਈ ਪ੍ਰੇਰਿਆ। ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਸਦਕਾ ਸਿੱਖ ਧਰਮ ਨੇ ਹਮੇਸ਼ਾਂ ਗਰੀਬ ਤੇ ਲੋੜਵੰਦਾਂ ਦੀ ਬਾਂਹ ਫੜੀ ਹੈ।

ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਸਾਹਿਬਾਨ ਵੱਲੋਂ ਚਲਾਈ ਗਈ ਰੀਤ ਅਨੁਸਾਰ ਹਮੇਸ਼ਾਂ ਲੋੜਵੰਦਾਂ ਦੇ ਨਾਲ ਖੜ੍ਹਦੀ ਹੈ। ਕੁਦਰਤੀ ਆਫਤਾਂ ਸਮੇਂ ਇਸ ਵੱਲੋਂ ਕੀਤੇ ਕਾਰਜ਼ਾਂ ਨੂੰ ਦੁਨੀਆਂ ਨੇ ਸਲਾਹਿਆ ਹੈ। ਕੈਂਸਰ ਵਰਗੀ ਭਿਆਨਕ ਬਿਮਾਰੀ ਦੇ ਪੀੜਤਾਂ ਦੀ ਮਦਦ ਵੀ ਦਿਲ ਖੋਲ ਕੇ ਕੀਤੀ ਹੈ। ਸਿੱਖ ਕੌਮ ਦੀ ਇਸ ਸੰਸਥਾ ਵੱਲੋਂ ਲੋੜਵੰਦਾਂ ਨੂੰ ਸਸਤੀਆਂ ਸਿਹਤ ਸੇਵਾਵਾਂ ਦੇਣ ਲਈ ਸਿਹਤ ਸੰਸਥਾਵਾਂ ਵੀ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਮਰੀਜ਼ਾਂ ਦਾ ਘੱਟ ਤੋਂ ਘੱਟ ਖ਼ਰਚੇ 'ਤੇ ਇਲਾਜ਼ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਸਮੇਂ-ਸਮੇਂ ਵੱਖ-ਵੱਖ ਖੇਤਰਾਂ ਵਿਚ ਮੁਫ਼ਤ ਮੈਡੀਕਲ ਕੈਂਪ ਵੀ ਲਗਾਏ ਜਾਂਦੇ ਹਨ। ਅੱਜ ਮੈਡੀਕਲ ਸਹੂਲਤ ਬਹੁਤ ਮਹਿੰਗੀ ਹੋ ਚੁੱਕੀ ਹੈ। ਗਰੀਬ ਵਿਅਕਤੀ ਆਪਣਾ ਮੁਢਲਾ ਇਲਾਜ ਵੀ ਨਹੀਂ ਕਰਵਾ ਪਾ ਰਿਹਾ। ਖਾਸ ਕਰਕੇ ਸਰਹੱਦੀ ਲੋਕ ਇਸ ਸਮੇਂ ਜਿਆਦਾ ਪੀੜਤ ਹਨ ਕਿਉਂਕਿ ਇਨ੍ਹਾਂ ਇਲਾਕਿਆਂ ਵਿਚ ਆਵਾਜਾਈ ਸਾਧਨਾਂ ਦੀ ਘਾਟ, ਉੱਤੋਂ ਮੈਡੀਕਲ ਸਹੂਲਤਾਂ ਦੀ ਭਾਰੀ ਕਮੀ ਹੈ ਅਤੇ ਦੂਸਰਾ ਇਹ ਲੋਕ ਗਰੀਬੀ ਦੇ ਮਾਰੇ ਹੋਏ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਅੰਤ੍ਰਿਗ ਕਮੇਟੀ ਵਿਚ ਮਤਾ ਪਾਸ ਕਰਕੇ ਸਰਹੱਦੀ ਤੇ ਪੱਛੜੇ ਪੇਂਡੂ ਖੇਤਰਾਂ 'ਚ ਮੁਫ਼ਤ ਮੈਡੀਕਲ ਸਹੂਲਤਾਂ ਦੇਣ ਦਾ ਫੈਸਲਾ ਕੀਤਾ ਗਿਆ ਸੀ। ਇਸ ਫੈਸਲੇ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਿਛਲੇ ਦਿਨੀ ਸਰਹੱਦੀ ਇਲਾਕਿਆਂ ਦੇ ਲੋੜਵੰਦ ਲੋਕਾਂ ਲਈ ਮੁਫ਼ਤ ਮੈਡੀਕਲ ਸਹੂਲਤਾਂ ਦੇਣ ਦੇ ਮੰਤਵ ਨਾਲ ਮੈਡੀਕਲ ਵੈਨਾਂ ਨੂੰ ਖ਼ਾਲਸਾਈ ਜੈਕਾਰਿਆਂ ਨਾਲ ਰਵਾਨਾ ਕੀਤਾ।

ਸ਼੍ਰੋਮਣੀ ਕਮੇਟੀ ਦਾ ਮਕਸਦ ਵਰਤਮਾਨ ਸਮੇਂ ਮਹਿੰਗੀਆਂ ਸਿਹਤ ਸੇਵਾਵਾਂ ਤੋਂ ਵਾਂਝੇ ਸਰਹੱਦੀ ਤੇ ਪੱਛੜੇ ਇਲਾਕਿਆਂ ਦੇ ਗਰੀਬ ਲੋਕਾਂ ਤੱਕ ਮੁਫ਼ਤ ਸਿਹਤ ਸੇਵਾਵਾਂ ਪਹੁੰਚਾਉਣਾ ਹੈ। ਹਾਲ ਦੀ ਘੜੀ ਦੋ ਮੈਡੀਕਲ ਵੈਨਾਂ ਸਰਹੱਦੀ ਪਿੰਡਾਂ ਲਈ ਰਵਾਨਾ ਕੀਤੀਆਂ ਗਈਆਂ ਹਨ ਅਤੇ ਆਉਣ ਵਾਲੇ ਸਮੇਂ ਵਿਚ ਇਸ ਦਾ ਹੋਰ ਵਿਸਥਾਰ ਕੀਤਾ ਜਾਵੇਗਾ। ਹਰ ਮੈਡੀਕਲ ਵੈਨ ਵਿਚ ਮਾਹਿਰ ਡਾਕਟਰ, ਫਾਰਮਾਸਿਸਟ ਅਤੇ ਹੈਲਪਰ ਮੌਜੂਦ ਹਨ ਅਤੇ ਇਸ ਤੋਂ ਇਲਾਵਾ ਮੁਫ਼ਤ ਦਵਾਈਆਂ ਦਾ ਵੀ ਪ੍ਰਬੰਧ ਹੈ। ਇਹ ਮੈਡੀਕਲ ਵੈਨਾਂ ਰੋਜ਼ਾਨਾ ਪੰਜ-ਪੰਜ ਪਿੰਡਾਂ ਤੱਕ ਪਹੁੰਚ ਕਰ ਰਹੀਆਂ ਹਨ। ਏਸੇ ਤਰ੍ਹਾਂ ਵਾਰੀ-ਵਾਰੀ ਵੱਖ-ਵੱਖ ਹਲਕਿਆਂ ਦੇ ਪਿੰਡਾਂ ਵਿਚ ਜਾਣਗੀਆਂ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਫੈਸਲਾ ਸਰਹੱਦੀ ਤੇ ਪੱਛੜੇ ਇਲਾਕਿਆਂ ਦੇ ਗਰੀਬ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ। ਹੁਣ ਤੱਕ ਜਿੰਨੇ ਵੀ ਪਿੰਡਾਂ ਵਿਚ ਇਹ ਮੈਡੀਕਲ ਵੈਨਾਂ ਗਈਆਂ ਹਨ ਉਥੋਂ ਦੇ ਲੋਕਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਭਰਪੂਰ ਪ੍ਰਸੰਸਾ ਕੀਤੀ ਹੈ।

-ਦਿਲਜੀਤ ਸਿੰਘ 'ਬੇਦੀ'

## ਨੌਜੁਆਨੀ ਨੂੰ ਇਤਿਹਾਸ ਨਾਲੋਂ ਤੋੜਨ ਦੀ ਸਾਜ਼ਿਸ਼ ਕਾਮਯਾਬ ਨਹੀਂ ਹੋਣ ਦਿਆਂਗੇ -ਭਾਈ ਲੌਂਗੋਵਾਲ

### ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਮੂਹ ਮੈਂਬਰ ਸਾਹਿਬਾਨ ਦੀ ਹੋਈ ਇਕੱਤਰਤਾ



ਅੰਮ੍ਰਿਤਸਰ, 7 ਮਈ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ, ਧਰਮ ਪ੍ਰਚਾਰ ਕਮੇਟੀ ਅਤੇ ਸਿੱਖ ਇਤਿਹਾਸ ਰੀਸਰਚ ਬੋਰਡ ਦੇ ਮੈਂਬਰ ਸਾਹਿਬਾਨ ਦੀ ਇਥੇ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਇਕ ਵਿਸ਼ੇਸ਼ ਇਕੱਤਰਤਾ ਦੌਰਾਨ ਪੰਜਾਬ ਦੀ ਕਾਂਗਰਸ ਸਰਕਾਰ ਨੂੰ ਸਖ਼ਤ ਸ਼ਬਦਾਂ ਵਿਚ ਤਾੜਨਾ ਕੀਤੀ ਗਈ ਕਿ ਜੇਕਰ ਉਸ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਦੇ ਇਤਿਹਾਸ ਦੇ ਸਿਲੇਬਸ ਲਈ ਤਿਆਰ ਕੀਤੀ ਪੁਸਤਕ ਨੂੰ 10 ਦਿਨਾਂ ਦੇ ਅੰਦਰ-ਅੰਦਰ ਵਾਪਸ ਨਾ ਲਿਆ ਤਾਂ ਸ਼੍ਰੋਮਣੀ ਕਮੇਟੀ 19 ਮਈ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਸਮੂਹ ਪੰਥਕ ਜਥੇਬੰਦੀਆਂ ਦਾ ਵਿਸ਼ਾਲ ਇਕੱਠ ਬੁਲਾ ਕੇ ਸਖ਼ਤ ਫੈਸਲਾ ਲਵੇਗੀ। ਇਕੱਤਰਤਾ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਕਾਂਗਰਸ ਸਰਕਾਰ ਵੱਲੋਂ ਨੌਜੁਆਨੀ ਨੂੰ ਪੰਜਾਬ ਅਤੇ ਸਿੱਖ ਕੌਮ ਦੇ ਇਤਿਹਾਸ ਨਾਲੋਂ ਤੋੜਨ ਦੀ ਰਚੀ ਗਈ ਸਾਜ਼ਿਸ਼ ਕਾਮਯਾਬ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਅੱਜ ਦੀ ਇਕੱਤਰਤਾ ਵਿਚ ਹਾਜ਼ਰ ਮੈਂਬਰਾਂ ਨੇ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮੈਂਬਰ ਸਾਹਿਬਾਨ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਹਰ ਸੰਘਰਸ਼ ਵਿਚ ਮੋਹਰੀ ਰੋਲ ਅਦਾ ਕਰਨ ਦੀ ਇਕਸੁਰਤਾ ਦਿਖਾਈ ਹੈ। ਉਨ੍ਹਾਂ ਇਕ ਸਵਾਲ ਦੇ ਜਵਾਬ ਵਿਚ ਕਿਹਾ ਕਿ ਨਿੱਜੀ ਪ੍ਰਕਾਸ਼ਕਾਂ ਵੱਲੋਂ ਤਿਆਰ ਕੀਤੀਆਂ ਜਾਂਦੀਆਂ ਸਿਲੇਬਸ ਦੀਆਂ ਸਹਾਇਕ ਪੁਸਤਕਾਂ ਸਬੰਧੀ ਵੀ ਸ਼੍ਰੋਮਣੀ ਕਮੇਟੀ ਇਕ ਸਬ-ਕਮੇਟੀ ਦਾ ਗਠਨ ਕਰੇਗੀ ਜੋ ਹਰ ਪੁਸਤਕ 'ਤੇ ਆਪਣੀ ਨਜ਼ਰ ਰੱਖੇਗੀ।

ਇਕੱਤਰਤਾ ਦੌਰਾਨ ਮੈਂਬਰ ਸਾਹਿਬਾਨ ਦੇ ਵਿਚਾਰ ਜਾਣਨ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਕ ਵਿਸ਼ੇਸ਼ ਮਤਾ ਪੇਸ਼ ਕੀਤਾ, ਜਿਸ ਨੂੰ ਹਾਜ਼ਰ ਮੈਂਬਰਾਂ ਨੇ ਜੈਕਾਰਿਆਂ ਦੀ ਗੂੰਜ ਵਿਚ ਪ੍ਰਵਾਨਗੀ ਦਿੱਤੀ। ਮਤੇ ਵਿਚ ਕਿਹਾ ਗਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਜਾਣ-ਬੁੱਝ ਕੇ ਸਿੱਖਾਂ ਦੀ ਵਿਲੱਖਣ ਹੋਂਦ ਹਸਤੀ, ਨਿਆਰੇਪਨ, ਸਿੱਖ ਵਿਰਸੇ-ਵਿਰਾਸਤ ਅਤੇ ਸਿੱਖਾਂ ਦੇ ਸ਼ਾਨਾਮੱਤੇ ਇਤਿਹਾਸ ਨਾਲੋਂ ਪੰਜਾਬ ਦੀ ਨੌਜੁਆਨੀ ਨੂੰ ਤੋੜਨ ਦਾ ਨਾ-ਬਰਦਾਸ਼ਤਯੋਗ ਕਾਰਜ ਕੀਤਾ ਹੈ। ਪਹਿਲਾਂ ਕੇਂਦਰ ਦੀ ਕਾਂਗਰਸ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸੰਸਥਾ ਤੇ ਸਿਧਾਂਤ ਨੂੰ ਨੇਸਤੋ-ਨਾਬੂਦ ਕਰਨ ਲਈ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਹਮਲਾ ਕੀਤਾ, ਜਿਸ ਵਿਚ ਸਿੱਖ ਦਾ ਬੇਤਹਾਸ਼ਾ ਜਾਨੀ-ਮਾਲੀ ਨੁਕਸਾਨ ਹੋਇਆ। ਹੁਣ ਪੰਜਾਬ ਦੀ ਕਾਂਗਰਸ ਸਰਕਾਰ ਨੇ ਸਿੱਧ ਸਿਧਾਂਤਾਂ, ਸਿੱਖ ਸੰਸਥਾਵਾਂ, ਸਿੱਖ ਸੱਭਿਆਚਾਰ ਅਤੇ ਸਿੱਖ ਇਤਿਹਾਸ ਨੂੰ ਤਹਿਸ-ਨਹਿਸ ਕਰਨ ਲਈ ਘਨੋਣੀ ਕਾਰਵਾਈ ਕਰਦਿਆਂ ਬਾਰ੍ਹਵੀਂ ਦੇ ਸਿਲੇਬਸ ਅਤੇ ਪਾਠਕ੍ਰਮ ਵਿੱਚੋਂ ਗੁਰ ਇਤਿਹਾਸ, ਸਿੱਖ ਇਤਿਹਾਸ ਤੇ ਪੰਜਾਬ ਦੀ ਵਿਰਾਸਤ ਨੂੰ ਖ਼ਤਮ ਕਰਕੇ ਸਿੱਖਾਂ 'ਤੇ ਕੌਮੀ ਹਮਲਾ ਕੀਤਾ ਹੈ।ਪੰਜਾਬ ਗੁਰੂ ਸਾਹਿਬਾਨ ਦੇ ਨਾਂ 'ਤੇ ਵੱਸਦਾ ਹੈ ਅਤੇ ਜੇਕਰ ਪੰਜਾਬ ਦੇ ਇਤਿਹਾਸ ਵਿੱਚੋਂ ਗੁਰ ਇਤਿਹਾਸ ਤੇ ਸਿੱਖ ਇਤਿਹਾਸ ਕੱਢ ਦੇਈਏ ਤਾਂ ਇਹ ਪੰਜਾਬ ਦਾ ਇਤਿਹਾਸ ਨਹੀਂ ਕਿਹਾ ਜਾ ਸਕਦਾ। ਭਾਰਤ ਦੇ ਸੱਭਿਆਚਾਰ ਨੂੰ ਬਚਾਉਣ ਲਈ ਸਿੱਖ ਕੌਮ ਦੀਆਂ ਕੁਰਬਾਨੀਆਂ ਅਤੇ ਯੋਗਦਾਨ ਨੂੰ ਵਿਸਾਰ ਕੇ ਪੰਜਾਬ ਦੀ ਕਾਂਗਰਸ ਸਰਕਾਰ ਵੱਲੋਂ ਬਾਰ੍ਹਵੀਂ ਜਮਾਤ ਦੇ ਸਿਲੇਬਸ ਦੀ ਤਿਆਰ ਕੀਤੀ ਇਤਿਹਾਸ ਦੀ ਪੁਸਤਕ ਨੂੰ ਕਦੇ ਵੀ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਮਤੇ ਰਾਹੀਂ ਮੰਗ ਕੀਤੀ ਗਈ ਕਿ ਨਵੀਂ ਪੁਸਤਕ 'ਤੇ ਤੁਰੰਤ ਰੋਕ ਲਗਾ ਕੇ ਸਰਕਾਰ ਪਹਿਲਾਂ ਵਾਲੇ ਸਿਲੇਬਸ ਨੂੰ ਲਾਗੂ ਕਰੇ ਅਤੇ ਇਸ ਦੇ ਨਾਲ ਹੀ ਇਸ ਸਾਜ਼ਿਸ਼ ਵਿਚ ਸ਼ਾਮਲ ਵਿਅਕਤੀਆਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਮਤੇ ਵਿਚ ਇਹ ਵੀ ਮੰਗ ਕੀਤੀ ਗਈ ਕਿ ਪੰਜਾਬ ਅੰਦਰ ਪਹਿਲੀ ਜਮਾਤ ਤੋਂ ਲੈ ਕੇ ਐਮ.ਏ. ਤੱਕ ਦੇ ਸਿਲੇਬਸ ਵਿਚ ਵਿਦਿਆਰਥੀਆਂ ਦੇ ਬੌਧਿਕ ਪੱਧਰ ਅਨੁਸਾਰ ਸਿੱਖ ਕੌਮ ਦਾ ਇਤਿਹਾਸ ਲਾਜ਼ਮੀ ਕੀਤਾ ਜਾਵੇ। ਇਸ ਤੋਂ ਇਲਾਵਾ ਸਿਲੇਬਸ ਕਮੇਟੀਆਂ ਵਿਚ ਸਿੱਖ ਇਤਿਹਾਸਕਾਰ ਮੈਂਬਰ ਲਏ ਜਾਣ। ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਇਲਾਵਾ ਹੋਰ ਬੋਰਡ ਅਤੇ ਬਾਹਰਲੇ ਸੂਬਿਆਂ ਦੇ ਬੋਰਡ ਵੀ ਸਿੱਖ ਇਤਿਹਾਸ ਨੂੰ ਸਿਲੇਬਸ ਦਾ ਹਿੱਸਾ ਬਣਾਉਣ, ਤਾਂ ਕਿ ਸਮੁੱਚੇ ਭਾਰਤੀ ਵਾਸੀ ਪੰਜਾਬ ਦੇ ਸ਼ਾਨਾਮੱਤੇ ਇਤਿਹਾਸ ਤੇ ਸਿੱਖ ਕੌਮ ਦੇ ਗੌਰਵਮਈ ਵਿਰਸੇ ਤੋਂ ਜਾਣੂ ਹੋ ਸਕਣ। ਮਤੇ ਰਾਹੀਂ ਸਮੂਹ ਸੰਸਾਰ ਦੇ ਸਿੱਖਾਂ, ਬੁੱਧੀਜੀਵੀਆਂ, ਲੇਖਕਾਂ, ਪੰਥ ਹਿਤੈਸ਼ੀਆਂ, ਧਾਰਮਿਕ ਸਮਾਜਿਕ ਆਗੂਆਂ, ਕੌਮੀ ਦਰਦੀਆਂ ਨੂੰ ਅਪੀਲ ਕੀਤੀ ਗਈ ਕਿ ਆਪਸੀ ਦੂਸ਼ਣਬਾਜ਼ੀ ਤੋਂ ਗੁਰੇਜ਼ ਕੀਤਾ ਜਾਵੇ ਅਤੇ ਸਿੱਖ ਸਿਧਾਂਤਾਂ, ਪ੍ਰੰਪਰਾਵਾਂ ਤੇ ਸਿੱਖ ਮਰਯਾਦਾ ਦੀ ਪ੍ਰਮਾਣਿਕਤਾ ਨੂੰ ਚਨੌਤੀ ਦੇਣ ਵਾਲੇ ਵਿਅਕਤੀ ਨਿੱਜੀ ਹਿੱਤਾਂ ਤੋਂ ਉਪਰ ਉਠ ਕੇ ਕੌਮ ਦੀ ਚੜ੍ਹਦੀ ਕਲਾ ਲਈ ਉਸਾਰੂ ਪਹੁੰਚ ਅਪਨਾਉਣ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਾਰਵਾਈ ਅਰੰਭ ਕਰਦਿਆਂ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨੂੰ ਸਕੂਲ ਪਾਠਕ੍ਰਮ ਵਿੱਚੋਂ ਖ਼ਤਮ ਕਰਨ ਨੂੰ ਪੰਜਾਬ ਸਰਕਾਰ ਵੱਲੋਂ ਸਿੱਖ ਕੌਮ ਨਾਲ ਧ੍ਰੋਹ ਦੱਸਦਿਆਂ ਵੱਖ-ਵੱਖ ਮੈਂਬਰਾਂ ਨੂੰ ਮਾਮਲੇ ਸਬੰਧੀ ਆਪਣੇ ਵਿਚਾਰ ਪੇਸ਼ ਕਰਨ ਲਈ ਕਿਹਾ, ਜਿਸ 'ਤੇ ਸਮੂਹ ਮੈਂਬਰਾਂ ਨੇ ਇਕਸੁਰ ਹੋ ਕੇ ਇਸ ਸਬੰਧੀ ਸਖ਼ਤ ਰੁਖ਼ ਅਪਨਾਉਣ ਦੀ ਗੱਲ ਕਹੀ। ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸੀਨੀਅਰ ਅਕਾਲੀ ਨੇਤਾ ਜਥੇਦਾਰ ਤੋਤਾ ਸਿੰਘ ਜੋ ਪੰਜਾਬ ਦੇ ਸਿੱਖਿਆ ਮੰਤਰੀ ਵੀ ਰਹਿ ਚੁੱਕੇ ਹਨ ਨੇ ਬੋਰਡ ਵੱਲੋਂ ਸਿਲੇਬਸ ਤਿਆਰ ਕਰਨ ਦੇ ਵਿਧੀ ਵਿਧਾਨ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਐਨ.ਸੀ.ਈ.ਆਰ.ਟੀ. ਵੱਲੋਂ ਕੀਤੀਆਂ ਸਿਫ਼ਾਰਸ਼ਾਂ ਲਈ ਰਾਜ ਸਰਕਾਰਾਂ ਪਾਬੰਦ ਨਹੀਂ ਹਨ। ਪਰ ਇਸ ਦੇ ਬਾਵਜੂਦ ਵੀ ਪੰਜਾਬ ਦੀ ਮੌਜੂਦਾ ਸਰਕਾਰ ਨੇ ਸਿਲੇਬਸ ਬਦਲਣ ਦੀ ਗਲਤੀ ਜਾਣ-ਬੁੱਝ ਕੇ ਕੀਤੀ ਹੈ। ਇਸ ਤੋਂ ਇਲਾਵਾ ਸ. ਹਰਪਾਲ ਸਿੰਘ ਜੱਲਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਕਰਨੈਲ ਸਿੰਘ ਪੰਜੋਲੀ, ਇਤਿਹਾਸਕਾਰ ਡਾ. ਬਲਵੰਤ ਸਿੰਘ ਢਿੱਲੋਂ,

ਬਾਕੀ ਸਫ਼ਾ 2 'ਤੇ

## ਜਥੇਦਾਰ ਜੱਸਾ ਸਿੰਘ ਆਹਲੂਵਾਲੀਆ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ -ਗਿਆਨੀ ਗੁਰਬਚਨ ਸਿੰਘ

### ਤੀਜੀ ਜਨਮ ਸ਼ਤਾਬਦੀ ਨੂੰ ਸਮਰਪਤ ਸੋਵੀਨਰ ਜਾਰੀ

### ਗੁਰਮਤਿ ਪ੍ਰਕਾਸ਼ ਵਿਸ਼ੇਸ਼ ਅੰਕ ਵੀ ਜਾਰੀ




ਅੰਮ੍ਰਿਤਸਰ, 4 ਮਈ -ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜਵੇਂ ਜਥੇਦਾਰ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਚੌਥੇ ਮੁੱਖੀ ਅਤੇ 18ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੁਲਤਾਨ-ਉਲ-ਕੌਮ ਜਥੇਦਾਰ ਬਾਬਾ ਜੱਸਾ ਸਿੰਘ ਜੀ ਆਹਲੂਵਾਲੀਆ ਦੀ ਤੀਜ਼ੀ ਜਨਮ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਸਜਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਅਤੇ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵਲੋਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਗਏ ਇਸ ਗੁਰਮਤਿ ਸਮਾਗਮ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਸਾਨੂੰ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦੇ ਜੀਵਨ ਤੋਂ ਦ੍ਰਿੜਤਾ, ਹਿੰਮਤ, ਦਿਲੇਰੀ ਅਤੇ ਧਰਮ ਦੀਆਂ ਸੁਨਹਿਰੀ ਕਦਰਾਂ ਕੀਮਤਾਂ ਅਪਨਾਉਣ ਸਬੰਧੀ ਪ੍ਰੇਰਣਾ ਲੈਣੀ ਚਾਹੀਦੀ ਹੈ। ਸਿੰਘ ਸਾਹਿਬ ਨੇ ਕਿਹਾ ਕਿ ਜਥੇਦਾਰ ਜੱਸਾ ਸਿੰਘ ਜੀ ਆਹਲੂਵਾਲੀਆ ਸਿੱਖ ਕੌਮ ਦੇ ਅਜਿਹੇ ਜਰਨੈਲ ਸਨ, ਜਿਨ੍ਹਾਂ ਨੇ ਬਿਖੜੇ ਸਮੇਂ 'ਚ ਸਿੱਖ ਕੌਮ ਦੀ ਅਗਵਾਈ ਕੀਤੀ। ਉਨ੍ਹਾਂ ਕਿਹਾ ਕਿ ਵੱਡੇ ਘੱਲੂਘਾਰੇ ਮੌਕੇ ਕੁੱਪ ਰਹੀੜਾਂ ਦੇ ਸਥਾਨ 'ਤੇ ਉਨ੍ਹਾਂ ਥੋੜੇ ਜਿਹੇ ਸਿੰਘਾਂ ਨਾਲ ਦੁਸ਼ਮਣ ਦੀ ਵੱਡੀ ਫ਼ੌਜ ਨਾਲ ਮੁਕਾਬਲਾ ਕੀਤਾ। ਜਦੋਂ ਅਹਿਮਦ ਸ਼ਾਹ ਅਬਦਾਲੀ ਪਾਣੀਪਤ ਦੀ ਲੜਾਈ ਤੋਂ ਬਾਅਦ 2200 ਦੇ ਕਰੀਬ ਹਿੰਦੂ ਔਰਤਾਂ ਨੂੰ ਬੰਦੀ ਬਣਾ ਕੇ ਕਾਬਲ ਲੈ ਜਾ ਰਿਹਾ ਸੀ, ਤਾਂ ਸਰਦਾਰ ਆਹਲੂਵਾਲੀਆ ਦੀ ਅਗਵਾਈ ਵਿਚ ਸਿੱਖ ਸੂਰਬੀਰਾਂ ਨੇ ਉਨ੍ਹਾਂ ਨੂੰ ਆਜ਼ਾਦ ਕਰਵਾ ਕੇ ਘਰੋ-ਘਰੀਂ ਪਹੁੰਚਾਇਆ। ਉਨ੍ਹਾਂ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਅੱਜ ਸਿੱਖ ਕੌਮ 'ਚ ਇਕਜੁੱਟਤਾ ਦੀ ਵੱਡੀ ਲੋੜ ਹੈ, ਕਿਉਂਕਿ ਜਦੋਂ ਵੀ ਸਿੱਖ ਇਕਜੁੱਟ ਹੋ ਕੇ ਤੁਰੇ ਹਨ ਤਾਂ ਉਨ੍ਹਾਂ ਹਮੇਸ਼ਾਂ ਕਾਮਯਾਬੀ ਹਾਸਿਲ ਕੀਤੀ ਹੈ। ਇਸ ਮੌਕੇ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ, ਦਿੱਲੀ ਕਮੇਟੀ ਅਤੇ ਨਿਹੰਗ ਸਿੰਘ ਜਥੇਬੰਦੀਆਂ ਵਲੋਂ ਸਰਦਾਰ ਆਹਲੂਵਾਲੀਆ ਦੀ ਤੀਜ਼ੀ ਜਨਮ ਸ਼ਤਾਬਦੀ ਵੱਡੇ ਪੱਧਰ 'ਤੇ ਮਨਾਉਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸ਼ਤਾਬਦੀ ਸਮਾਗਮਾਂ ਨਾਲ ਨੌਜਵਾਨ ਸਿੱਖ ਪੀੜ੍ਹੀ ਨੂੰ ਆਪਣੇ ਮਹਾਨ ਜਰਨੈਲਾਂ ਦੇ ਜੀਵਨ ਤੋਂ ਪ੍ਰੇਰਣਾ ਮਿਲੇਗੀ। ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਸ਼੍ਰੋਮਣੀ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਕਮੇਟੀ ਸਮੇਤ ਸਮੁੱਚੀਆਂ ਸਿੱਖ ਸੰਗਤਾਂ ਦਾ ਸਮਾਗਮਾਂ ਦੀ ਕਾਮਯਾਬੀ ਲਈ ਧੰਨਵਾਦ ਕੀਤਾ।

ਸ਼੍ਰੋਮਣੀ ਕਮੇਟੀ ਵਲੋਂ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸ੍ਰੀ ਹਰਿਮੰਦਰ ਸਾਹਿਬ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਮਿਸਲ ਤਰਨਾ ਦਲ, ਬਾਬਾ ਅਵਤਾਰ ਸਿੰਘ ਸੰਪਰਦਾਇ ਦਲ ਬਿਧੀਚੰਦ ਤਰਨਾ ਦਲ ਸੁਰਸਿੰਘ, ਬੀਬੀ ਕਿਰਨਜੋਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਨੇ ਵੀ ਇਸ ਮੌਕੇ ਸਰਦਾਰ ਜੱਸਾ ਸਿੰਘ ਆਹਲੂਵਾਲੀਆ

ਬਾਕੀ ਸਫ਼ਾ 2 'ਤੇ

## ਸ਼੍ਰੋਮਣੀ ਕਮੇਟੀ ਵੱਲੋਂ ਗ੍ਰੰਥੀਆਂ ਨੂੰ ਗੁਰਬਾਣੀ ਸੰਥਿਆ ਦੇਣ ਲਈ ਪਾਠ ਬੋਧ ਸਮਾਗਮ ਆਰੰਭ

### ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਜਾਣਕਾਰੀ ਲਈ ਪਾਠ ਬੋਧ ਸਮਾਗਮਾਂ ਦਾ ਵੱਡਾ ਮਹੱਤਵ- ਭਾਈ ਲੌਂਗੋਵਾਲ



ਅੰਮ੍ਰਿਤਸਰ 17 ਅਪ੍ਰੈਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗ੍ਰੰਥੀ ਤੇ ਪਾਠੀ ਸਿੰਘਾਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਸਿੱਖਿਆ ਦੇਣ ਲਈ ਸਥਾਨਕ ਭਾਈ ਗੁਰਦਾਸ ਹਾਲ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਆਰੰਭ ਕੀਤਾ ਗਿਆ, ਜੋ 16 ਮਈ ਤੀਕ ਚੱਲੇਗਾ। ਸਮਾਗਮ ਦੀ ਆਰੰਭਤਾ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁਖ ਗ੍ਰੰਥੀ ਸਮੇਤ ਸ਼੍ਰੋਮਣੀ ਕਮੇਟੀ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਮੌਜੂਦ ਸਨ। ਪਾਠ ਬੋਧ ਸਮਾਗਮ ਦੀ ਆਰੰਭਤਾ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਾਰਜ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਆਰੰਭਤਾ ਦੀ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਮਲਕੀਤ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ।

ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਗੁਰੂ ਘਰਾਂ ਦੇ ਗ੍ਰੰਥੀ ਸਿੰਘਾਂ ਲਈ ਗੁਰਬਾਣੀ ਦੀ ਸੰਥਿਆ ਬੇਹੱਦ ਜ਼ਰੂਰੀ ਹੈ, ਕਿਉਂਕਿ ਗੁਰਬਾਣੀ ਦੇ

ਬਾਕੀ ਸਫ਼ਾ 2 'ਤੇ

# ਜੱਥੇਦਾਰ ਜੱਸਾ ਸਿੰਘ ਆਹਲੂਵਾਲੀਆ ਦੀ ਤੀਜੀ ਜਨਮ ਸ਼ਤਾਬਦੀ ਨੂੰ ਸਮਰਪਤ

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਰਕਾਬਗੰਜ ਸਾਹਿਬ ਤਕ ਵਿਸ਼ਾਲ ਨਗਰ ਕੀਰਤਨ ਸਜਾਇਆ





ਅੰਮ੍ਰਿਤਸਰ, 22 ਅਪ੍ਰੈਲ-ਸਿੱਖ ਕੌਮ ਦੇ ਮਹਾਨ ਜਰਨੈਲ ਸੁਲਤਾਨ-ਉਲ-ਕੌਮ ਜਥੇਦਾਰ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਤੀਜੀ ਜਨਮ ਸ਼ਤਾਬਦੀ ਨੂੰ ਸਮਰਪਿਤ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਦੀ ਆਰੰਭਤਾ ਖ਼ਾਲਸਾਈ ਜਾਹੋ-ਜਲਾਲ ਨਾਲ ਹੋਈ, ਜੋ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ 26 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ ਦਿੱਲੀ ਵਿਖੇ ਸੰਪੰਨ ਹੋਵੇਗਾ। ਅਰਦਾਸ ਉਪਰੰਤ ਜੈਕਾਰਿਆਂ ਤੇ ਨਗਾਰਿਆਂ ਦੀ ਗੂੰਜ 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ 'ਚ ਸੁਸ਼ੋਭਿਤ ਕੀਤਾ।

ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਦੀ ਆਰੰਭਤਾ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਮੈਂਬਰ ਅਤੇ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਗਤਕਾ ਪਾਰਟੀਆਂ ਅਤੇ ਗੁਰੂ ਸਾਹਿਬਾਨ ਨਾਲ ਸਬੰਧਤ ਇਤਿਹਾਸ ਸ਼ਾਸਤਰਾਂ ਵਾਲੀਆਂ 2 ਬੱਸਾਂ ਵੀ ਨਗਰ ਕੀਰਤਨ ਦੀ ਸ਼ੋਭਾ ਵਧਾ ਰਹੀਆਂ ਸਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਿੱਖ ਸੰਗਤਾਂ ਨੂੰ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ 300 ਸਾਲਾ ਜਨਮ ਸ਼ਤਾਬਦੀ ਦੀ ਵਧਾਈ ਦਿੰਦਿਆਂ ਕੌਮ ਦੇ ਇਸ ਮਹਾਨ ਜਰਨੈਲ ਵੱਲੋਂ ਬਿਖੜੇ ਸਮੇਂ ਵਿਚ ਖਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਪਾਏ ਯੋਗਦਾਨ ਨੂੰ ਅਦੁੱਤੀ ਦੱਸਿਆ। ਦਿੱਲੀ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਨੇ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਸ਼ਾਨਾਂਮੱਤਾ ਹੈ ਅਤੇ ਕੌਮ ਨੂੰ ਇਸ ਗੱਲ ਦਾ ਮਾਣ ਹੈ ਕਿ ਇਸ ਦੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਜਿਹੇ ਹਨ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ਨੇ ਜਿਥੇ ਬਾਬਾ ਜੱਸਾ ਸਿੰਘ ਦੀ ਤੀਜੀ ਜਨਮ ਸ਼ਤਾਬਦੀ ਨੂੰ ਯਾਦਗਾਰੀ ਢੰਗ ਨਾਲ ਮਨਾਉਣ ਲਈ ਸ਼੍ਰੋਮਣੀ ਕਮੇਟੀ ਤੇ ਦਿੱਲੀ ਕਮੇਟੀ ਦੇ ਉਪਰਾਲੇ ਨੂੰ ਸਲਾਹਿਆ ਉਥੇ ਹੀ ਨੌਜਵਾਨਾਂ ਨੂੰ ਬਾਬਾ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਤਰਨਾ ਦਲ ਦੇ ਮੁੱਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਅਤੇ ਦਲ ਬਾਬਾ ਬਿਧੀ ਚੰਦ ਦੇ ਮੁੱਖੀ ਬਾਬਾ ਅਵਤਾਰ ਸਿੰਘ ਨੇ ਵੀ ਖਾਲਸਾ ਪੰਥ ਨੂੰ ਬਾਬਾ ਜੱਸਾ ਸਿੰਘ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਗਿਆਨੀ ਰਣਜੀਤ ਸਿੰਘ ਦਿੱਲੀ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਭਾਈ ਰਾਜਿੰਦਰ ਸਿੰਘ ਮਹਿਤਾ ਮੈਂਬਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਤੇ ਸ. ਸੁਖਵਰਸ਼ ਸਿੰਘ ਪੰਨੂੰ, ਸ. ਪਰਮਜੀਤ ਸਿੰਘ ਰਾਣਾ ਮੈਂਬਰ ਦਿੱਲੀ ਕਮੇਟੀ, ਸ. ਸੁਮਨਦੀਪ ਸਿੰਘ ਸੰਨੀ ਦਿੱਲੀ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਭਾਈ ਤਰਸੇਮ ਸਿੰਘ ਮੋਰਾਂਵਾਲੀ, ਬਾਬਾ ਜੋਗਾ ਸਿੰਘ, ਬਾਬਾ ਗੁਰਪਿੰਦਰ ਸਿੰਘ ਸਤਲਾਣੀ ਸਾਹਿਬ, ਬਾਬਾ ਜੋਗਿੰਦਰ ਸਿੰਘ, ਬਾਬਾ ਮੱਖਣ ਸਿੰਘ, ਬਾਬਾ ਗੱਜਣ ਸਿੰਘ, ਬਾਬਾ ਰਘਬੀਰ ਸਿੰਘ ਖ਼ਿਆਲਾ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਸ. ਜਸਵਿੰਦਰ ਸਿੰਘ ਦੀਨਪੁਰ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਰਘਬੀਰ ਸਿੰਘ ਮੰਡ ਤੇ ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਤੇਜਿੰਦਰ ਸਿੰਘ ਪੱਡਾ, ਸ. ਹਰਜਿੰਦਰ ਸਿੰਘ ਕੈਰੋਵਾਲ, ਸ. ਭੁਪਿੰਦਰ ਸਿੰਘ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਗੁਰਬਚਨ ਸਿੰਘ, ਸ. ਪ੍ਰਦੀਪ ਸਿੰਘ ਵਾਲੀਆ, ਸ. ਸੁਖਵਿੰਦਰ ਸਿੰਘ ਅਗਵਾਨ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਹਰਪ੍ਰੀਤ ਸਿੰਘ, ਸ. ਸੁਖਰਾਜ ਸਿੰਘ ਆਦਿ ਹਾਜਰ ਸਨ।

## ਸਫ਼ਾ 1 ਦਾ ਬਾਕੀ...





### ਤੀਜੀ ਜਨਮ ਸ਼ਤਾਬਦੀ...

ਦੇ ਜੀਵਨ ਅਤੇ ਉਨ੍ਹਾਂ ਵਲੋਂ ਸਿੱਖ ਕੌਮ ਲਈ ਕੀਤੇ ਮਹਾਨ ਕਾਰਜ਼ਾਂ ਬਾਰੇ ਵਿਚਾਰ ਪੇਸ਼ ਕੀਤੇ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ ਸ. ਦਿਲਜੀਤ ਸਿੰਘ ਬੇਦੀ ਦੁਆਰਾ ਸੰਪਾਦਿਤ 'ਸ. ਜੱਸਾ ਸਿੰਘ ਆਹਲੂਵਾਲੀਆ' ਦੀ ਜਨਮ ਸ਼ਤਾਬਦੀ ਸਬੰਧੀ ਪ੍ਰਕਾਸ਼ਿਤ ਸੋਵੀਨਰ ਵੀ ਸਿੰਘ ਸਾਹਿਬਾਨ ਤੇ ਹੋਰਨਾਂ ਸ਼ਖਸੀਅਤਾਂ ਵਲੋਂ ਰੀਲੀਜ ਕੀਤਾ ਗਿਆ। ਇਸੇ ਤਰ੍ਹਾਂ ਧਰਮ ਪ੍ਰਚਾਰ ਕਮੇਟੀ ਵੱਲੋਂ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦੀ ਤੀਜੀ ਜਨਮ ਸਤਾਬਦੀ ਨੂੰ ਸਮਰਪਿਤ ਗੁਰਮਤਿ ਪ੍ਰਕਾਸ਼ ਦਾ ਵਿਸ਼ੇਸ ਅੰਕ ਵੀ ਜਾਰੀ ਕੀਤਾ।

ਇਸ ਮੌਕੇ ਗਿਆਨੀ ਰਣਜੀਤ ਸਿੰਘ ਗੌਹਰ, ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਢਾਡੀ ਗਿਆਨੀ ਤਰਸੇਮ ਸਿੰਘ ਮੋਰਾਂਵਾਲੀ ਅਤੇ ਹੋਰ ਵਿਦਵਾਨਾਂ ਵਲੋਂ ਸਿੱਖ ਇਤਿਹਾਸ ਸਰਵਣ ਕਰਵਾਇਆ ਗਿਆ। ਇਸ ਮੌਕੇ ਸਾਬਕਾ ਜਥੇਦਾਰ ਗਿਆਨੀ ਪੂਰਨ ਸਿੰਘ, ਬਾਬਾ ਗੱਜਣ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਰਾਮ ਸਿੰਘ, ਬੀਬੀ ਕਿਰਨਜੋਤ ਕੌਰ ਤੇ ਸ. ਅਜਾਇਬ ਸਿੰਘ ਅਭਿਆਸੀ, ਮੁੱਖ ਸਕੱਤਰ ਡਾ: ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਬਿਜੈ ਸਿੰਘ ਬਾਦੀਆਂ, ਬਾਬਾ ਸਤਨਾਮ ਸਿੰਘ, ਬਾਬਾ ਗੁਰਬਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਵੱਸਣ ਸਿੰਘ ਮੜੀਆਂਵਾਲਾ, ਤਰਸੇਮ ਸਿੰਘ ਮਹਿਤਾ, ਸ. ਗੁਰਰਾਜਪਾਲ ਸਿੰਘ ਡੇਰਾ ਮਹਾਂਰਾਜ ਸਿੰਘ, ਗਿਆਨੀ ਅਵਤਾਰ ਸਿੰਘ ਮੈਂਬਰ ਦਿਲੀ ਕਮੇਟੀ, ਡਾ. ਬਲਵਿੰਦਰ ਸਿੰਘ ਵਾਲੀਆ ਪੱਟੀ ਵਾਲੇ, ਸ. ਹਰਪਾਲ ਸਿੰਘ ਵਾਲੀਆ, ਜਥੇ: ਪ੍ਰਦੀਪ ਸਿੰਘ ਵਾਲੀਆ, ਜਗਦੀਸ਼ ਸਿੰਘ ਵਾਲੀਆ, ਗੁਰਪ੍ਰੀਤ ਸਿੰਘ ਕਲਕੱਤਾ, ਗਿਆਨੀ ਭਗਵਾਨ ਸਿੰਘ ਜੌਹਲ, ਬਾਬਾ ਸਮਸ਼ੇਰ ਸਿੰਘ ਜਗੇੜਾ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਵਿਜੈਪਾਲ ਸਿੰਘ, ਸ. ਜਗਜੀਤ ਸਿੰਘ ਵਾਲੀਆ, ਸ. ਜਗਦੀਸ਼ ਸਿੰਘ ਆਹਲੂਵਾਲੀਆ ਤੇ ਸ. ਹਰਵਿੰਦਰਪਾਲ ਸਿੰਘ ਪਟਿਆਲੇ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਅਮਰ ਸਿੰਘ, ਸ. ਗੁਰਮੀਤ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਅਜਾਦਦੀਪ ਸਿੰਘ ਤੇ ਸ. ਪਰਮਦੀਪ ਸਿੰਘ ਇੰਚਾਰਜ, ਸ. ਗੁਰਮੁਖ ਸਿੰਘ ਰਾਹੀ, ਵਾਲੇ ਸਮੇਤ ਹੋਰ ਪੰਥਕ ਸ਼ਖਸੀਅਤਾਂ ਅਤੇ ਸਿੱਖ ਸੰਗਤਾਂ ਹਾਜ਼ਰ ਸਨ।

### ਪਾਠ ਬੋਧ ਸਮਾਗਮ...

ਸ਼ੁੱਧ ਉਚਾਰਨ ਨਾਲ ਹੀ ਗੁਰਬਾਣੀ ਦੇ ਸਹੀ ਅਰਥਾਂ ਨੂੰ ਸਮਝਿਆ ਜਾ ਸਕਦਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪਾਂ ਨਾਲ ਗ੍ਰੰਥੀ ਸ਼੍ਰੇਣੀ ਨੂੰ ਭਰਪੂਰ ਲਾਭ ਪ੍ਰਾਪਤ ਹੋਵੇਗਾ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਜਾਣਕਾਰੀ ਲਈ ਪਾਠ ਬੋਧ ਸਮਾਗਮਾਂ ਦਾ ਵੱਡਾ ਮਹੱਤਵ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਪੰਜਾਬ ਦੇ ਤਿੰਨਾਂ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਦੀ ਅਗਵਾਈ ਵਿਚ ਨਿਰੰਤਰ ਚਲਾਏ ਜਾਣਗੇ ਅਤੇ ਇਸੇ ਤਹਿਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਵੀ ਜਲਦ ਹੀ ਪਾਠ ਬੋਧ ਸਮਾਗਮਾਂ ਦੀ ਆਰੰਭਤਾ ਕੀਤੀ ਜਾਵੇਗੀ। ਭਾਈ ਲੌਂਗੋਵਾਲ ਨੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਅਪੀਲ ਕੀਤੀ ਕਿ ਉਹ ਪਾਠ ਬੋਧ ਸਮਾਗਮ ਵਿਚ ਲਗਾਤਾਰ ਹਾਜ਼ਰੀ ਭਰਨ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦੌਰਾਨ ਮੁਕੰਮਲ ਸੰਥਿਆ ਪ੍ਰਾਪਤ ਕਰਨ ਵਾਲੇ ਸਿੰਘਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਮਾਣ ਪੱਤਰ ਦੇ ਨਾਲ 51-51 ਸੌ ਰੁਪਏ ਸਨਮਾਨ ਵਜੋਂ ਦਿੱਤੇ ਜਾਣਗੇ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਆਸ ਪ੍ਰਗਟ ਕੀਤੀ ਕਿ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਸਿੰਘ ਜਿਥੇ ਗੁਰਬਾਣੀ ਦੇ ਸ਼ੁੱਧ ਉਚਾਰਨ ਲਈ ਆਪ ਸੁਚੇਤ ਹੋਣਗੇ, ਉਥੇ ਹੀ ਸੰਗਤਾਂ ਨੂੰ ਵੀ ਗੁਰਬਾਣੀ ਦੇ ਸ਼ੁੱਧ ਉਚਾਰਨ ਦੇ ਮਹੱਤਵ ਬਾਰੇ ਜਾਗਰੂਕ ਕਰਨਗੇ। ਇਸੇ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਕਿਰਨਜੋਤ ਕੌਰ ਅਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਿਥੇ ਸੰਥਿਆ ਪ੍ਰਾਪਤ ਕਰਨ ਵਾਲਿਆਂ ਨੂੰ ਵਡਭਾਗਾ ਕਿਹਾ, ਉਥੇ ਹੀ ਗ੍ਰੰਥੀ ਸਿੰਘਾਂ ਨੂੰ ਨਿੱਜੀ ਤੌਰ 'ਤੇ ਸਹਿਜ ਪਾਠ ਕਰਨ ਲਈ ਵੀ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਸਹਿਜ ਪਾਠ ਕਰਨ ਨਾਲ ਗੁਰਬਾਣੀ ਉਚਾਰਨ ਦਾ ਅਭਿਆਸ ਵਧਦਾ ਹੈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਪਾਠ ਬੋਧ ਸਮਾਗਮ ਦੀ ਸਮੁੱਚੀ ਰੂਪ ਰੇਖਾ ਸਾਂਝੀ ਕੀਤੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਨੇ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਤੇ ਅਖੰਡ ਪਾਠੀ ਸਿੰਘਾਂ ਨਾਲ ਗੁਰਬਾਣੀ ਵਿਆਕਰਣ ਦੇ ਭੇਦ ਸਾਂਝੇ ਕਰਦਿਆਂ ਗੁਰਮੁਖੀ ਲਿਪੀ ਦੀਆਂ ਧੁਨੀਆਂ ਸਬੰਧੀ ਜਾਣਕਾਰੀ ਦਿੱਤੀ। ਭਾਈ ਪ੍ਰਮਿੰਦਰ ਸਿੰਘ ਨੇ ਹਾਜ਼ਰ ਸਿੰਘਾਂ ਨੂੰ ਗੁਰਬਾਣੀ ਦੀ ਸੰਥਿਆ ਆਰੰਭ ਕਰਵਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਅਤੇ ਭਾਈ ਪ੍ਰਮਿੰਦਰ ਸਿੰਘ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸਿੰਘ ਸਾਹਿਬ ਗਿਆਨੀ ਮਾਨ ਸਿੰਘ, ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਬੀਬੀ ਕਿਰਨਜੋਤ ਕੌਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂੰ, ਸ. ਹਰਦਲਬੀਰ ਸਿੰਘ ਸ਼ਾਹ ਸਾਬਕਾ ਮੈਂਬਰ, ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ, ਸ. ਮਹਿੰਦਰ ਸਿੰਘ ਆਹਲੀ, ਸ. ਜਸਵਿੰਦਰ ਸਿੰਘ ਦੀਨਪੁਰ, ਸ. ਪ੍ਰਤਾਪ ਸਿੰਘ, ਸ. ਬਿਜੈ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜੀਤ ਸਿੰਘ ਲਾਲੂ ਘੁੰਮਣ, ਸ. ਸਿਮਰਜੀਤ ਸਿੰਘ, ਸ. ਭੁਪਿੰਦਰ ਸਿੰਘ, ਸ. ਨਿਸ਼ਾਨ ਸਿੰਘ, ਪ੍ਰਚਾਰਕ ਭਾਈ ਸੁਰਜੀਤ ਸਿੰਘ ਸਭਰਾ, ਭਾਈ ਜਗਦੇਵ ਸਿੰਘ, ਭਾਈ ਹੀਰਾ ਸਿੰਘ, ਭਾਈ ਬਲਵੰਤ ਸਿੰਘ ਐਨੋਕੋਟ, ਭਾਈ ਇੰਦਰਜੀਤ ਸਿੰਘ, ਭਾਈ ਅਮਰ ਸਿੰਘ, ਬਾਈ ਖਜਾਨ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਰਣਜੀਤ ਸਿੰਘ, ਭਾਈ ਅਮਰੀਕ ਸਿੰਘ ਚਿੱਟੀ ਆਦਿ ਮੌਜੂਦ ਸਨ।

### ਤੇਜਾ ਸਿੰਘ ਸਮੁੰਦਰੀ ਹਾਲ...

ਭਾਈ ਅਮਰਜੀਤ ਸਿੰਘ ਚਾਵਲਾ, ਬੀਬੀ ਕਿਰਨਜੋਤ ਕੌਰ, ਭਾਈ ਗੁਰਚਰਨ ਸਿੰਘ ਗਰੇਵਾਲ, ਪ੍ਰਿੰਸੀਪਲ ਸੁਰਿੰਦਰ ਸਿੰਘ ਸ੍ਰੀ ਅਨੰਦਪੁਰ ਸਾਹਿਬ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ ਨੇ ਆਪਣੇ ਸੰਬੋਧਨ ਦੌਰਾਨ ਪੰਜਾਬ ਸਰਕਾਰ ਵੱਲੋਂ ਸਿਲੇਬਸ 'ਚੋਂ ਸਿੱਖ ਕੌਮ ਦਾ ਇਤਿਹਾਸ ਮਨਫ਼ੀ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ।

ਇਸ ਇਕੱਤਰਤਾ ਵਿਚ 100 ਤੋਂ ਵੱਧ ਮੈਂਬਰ ਸ਼ਾਮਲ ਹੋਏ, ਜਿਨ੍ਹਾਂ ਵਿਚ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਹਰਪਾਲ ਸਿੰਘ ਜੱਲਾ ਜੂਨੀਅਰ ਮੀਤ ਪ੍ਰਧਾਨ, ਸ. ਗੁਰਬਚਨ ਸਿੰਘ ਕਰਮੂੰਵਾਲਾ ਜਨਰਲ ਸਕੱਤਰ, ਬੀਬੀ ਜਗੀਰ ਕੌਰ ਸਾਬਕਾ ਪ੍ਰਧਾਨ, ਜਥੇਦਾਰ ਤੋਤਾ ਸਿੰਘ ਸੀਨੀਅਰ ਅਕਾਲੀ ਆਗੂ, ਸ. ਲਖਬੀਰ ਸਿੰਘ ਅਰਾਈਆਵਾਲਾ, ਸ. ਸੱਜਣ ਸਿੰਘ ਬੱਜੂਮਾਨ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਰਵਿੰਦਰ ਸਿੰਘ ਚੱਕ, ਸ. ਗੁਰਮੀਤ ਸਿੰਘ ਬੂਹ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਹਰਦੇਵ ਸਿੰਘ ਰੋਗਲਾ, ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਮਨਜੀਤ ਸਿੰਘ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਕੇਵਲ ਸਿੰਘ ਬਾਦਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਸੁਰਜੀਤ ਸਿੰਘ ਗੜੀ, ਸ. ਨਿਰਮੈਲ ਸਿੰਘ ਜੌਲਾਂ, ਬੀਬੀ ਕਿਰਨਜੋਤ ਕੌਰ, ਸ. ਨਿਰਮਲ ਸਿੰਘ ਹਰਿਆਓ, ਸ. ਦਵਿੰਦਰ ਸਿੰਘ ਖੱਟੜਾ, ਸ. ਰਣਜੀਤ ਸਿੰਘ ਕਾਹਲੋਂ, ਬਾਬਾ ਨਿਰਮਲ ਸਿੰਘ, ਸ. ਕੁਲਵੰਤ ਸਿੰਘ ਮੰਨਣ, ਸ. ਸੁਖਵਰਸ਼ ਸਿੰਘ ਪੰਨੂੰ, ਸ. ਸਰਵਣ ਸਿੰਘ ਕੁਲਾਰ, ਸ. ਪ੍ਰਿਤਪਾਲ ਸਿੰਘ ਪਾਲੀ, ਸ. ਭੁਪਿੰਦਰ ਸਿੰਘ ਅਸੰਧ, ਪ੍ਰਿੰਸੀਪਲ ਸੁਰਿੰਦਰ ਸਿੰਘ, ਸ. ਅਮਰੀਕ ਸਿੰਘ ਕੋਟਸ਼ਮੀਰ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਅਵਤਾਰ ਸਿੰਘ ਵਣਵਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਗੁਰਨਾਮ ਸਿੰਘ ਜੱਸਲ, ਬੀਬੀ ਹਰਜਿੰਦਰ ਕੌਰ ਚੰਡੀਗੜ੍ਹ, ਡਾ. ਬਲਵੰਤ ਸਿੰਘ ਢਿੱਲੋਂ, ਡਾ. ਪਰਮਵੀਰ ਸਿੰਘ, ਬੀਬੀ ਰਣਜੀਤ ਸਿੰਘ ਮਾਹਲਪੁਰ, ਸ. ਸਵਿੰਦਰ ਸਿੰਘ ਸਭਰਵਾਲ, ਸੰਤ ਬਲਬੀਰ ਸਿੰਘ ਘੁੰਨਸ, ਸ. ਸੁਖਦੇਵ ਸਿੰਘ ਬਾਠ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਬਲਦੇਵ ਸਿੰਘ ਚੂੰਘਾ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਰਤਨ ਸਿੰਘ ਜ਼ੱਫ਼ਰਵਾਲ, ਸ. ਬਲਦੇਵ ਸਿੰਘ ਕਾਇਮਪੁਰ, ਸ. ਸਤਵਿੰਦਰ ਸਿੰਘ ਟੌਹੜਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਜੈਪਾਲ ਸਿੰਘ ਮੰਡੀਆਂ, ਸ. ਮਲਕੀਤ ਸਿੰਘ ਚੰਗਾਲ, ਸ. ਭੁਪਿੰਦਰ ਸਿੰਘ ਭਲਵਾਨ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਭਰਪੂਰ ਸਿੰਘ ਖਾਲਸਾ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਜਰਨੈਲ ਸਿੰਘ ਡੋਗਰਾਵਾਲਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਜੁਗਰਾਜ ਸਿੰਘ ਦੋਧਰ, ਸ. ਹਰਵਿੰਦਰ ਸਿੰਘ ਰਣੀਆ, ਬੀਬੀ ਨਰਿੰਦਰ ਕੌਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ, ਸ. ਪ੍ਰਤਾਪ ਸਿੰਘ ਆਦਿ ਮੌਜੂਦ ਸਨ। 7 ਮਈ

**ਮੁੱਖ ਸੰਪਾਦਕ:**
ਦਿਲਜੀਤ ਸਿੰਘ ਬੇਦੀ
**ਪ੍ਰਕਾਸ਼ਕ:**
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
**ਛਾਪਕ:**
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।



## ਗੁਰਦੁਆਰਾ ਅੱਚਲ ਸਾਹਿਬ ਬਟਾਲਾ ਵਿਖੇ ਅੰਮ੍ਰਿਤ ਸੰਚਾਰ

### 233 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ

ਬਟਾਲਾ - ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਵਿਚ ਆਉਂਦੇ ਇਤਿਹਾਸਕ ਗੁਰਦੁਆਰਾ ਅੱਚਲ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਿੰਦਰਪਾਲ ਸਿੰਘ ਜੀ ਗੋਰਾ ਦੇ ਉਪਰਾਲੇ ਨਾਲ 28 ਅਪ੍ਰੈਲ ਨੂੰ ਕਰਵਾਏ ਗਏ ਇਸ ਗੁਰਮਤਿ ਸਮਾਗਮ ਵਿਚ ਹਲਕਾ ਬਟਾਲਾ ਦੇ ਵੱਖ-ਵੱਖ ਪਿੰਡਾਂ ਵਿਚੋਂ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਾਜਰੀ ਭਰੀ। ਇਸ ਸਮਾਗਮ ਵਿਚ ਸਕੂਲਾਂ ਦੇ ਬਚਿਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਤੋਂ ਪਹਿਲਾਂ ਜਥੇਦਾਰ ਗੁਰਿੰਦਰਪਾਲ ਸਿੰਘ ਜੀ ਗੋਰਾ ਮੈਂਬਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਅਤੇ ਢਾਡੀ ਸਿੰਘਾਂ ਵੱਲੋਂ ਵੱਖ-ਵੱਖ ਪਿੰਡਾਂ ਅੰਦਰ ਧਾਰਮਿਕ ਦੀਵਾਨਾਂ ਰਾਹੀਂ ਸੰਗਤਾਂ ਨੂੰ ਪ੍ਰੇਰਨਾ ਕਰਨ ਦੇ ਨਾਲ-ਨਾਲ ਸਕੂਲਾਂ ਅੰਦਰ ਬੱਚਿਆਂ ਨੂੰ ਵੀ ਸਿੱਖੀ ਵਿਰਸੇ ਤੋਂ ਜਾਣੂ ਕਰਵਾਇਆ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 233 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ, ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਗਏ। ਇਸ ਮੌਕੇ ਸ. ਬਲਜੀਤ ਸਿੰਘ ਮੈਨੇਜਰ ਗਰਦੁਆਰਾ ਅੱਚਲ ਸਾਹਿਬ, ਸ. ਗੁਰਤਿੰਦਰਪਾਲ ਸਿੰਘ ਮੈਨੇਜਰ, ਸ. ਕੁਲਵੰਤ ਸਿੰਘ ਜ਼ਫਰਵਾਲ ਮੈਨੇਜਰ, ਸ. ਬਲਕਾਰ ਸਿੰਘ ਦੌਲਤਪੁਰ, ਸ. ਸਰਬਜੀਤ ਸਿੰਘ, ਭਾਈ ਬਲਵੰਤ ਸਿੰਘ ਐਨੋਕੋਟ ਪ੍ਰਚਾਰਕ, ਬੀਬੀ ਸਰਬਜੋਤ ਕੌਰ ਪ੍ਰਚਾਰਕ ਭਾਈ ਮਲਕੀਅਤ ਸਿੰਘ ਬੱਗਾ ਢਾਡੀ ਜਥਾ ਅਤੇ ਸੰਗਤਾਂ ਹਾਜ਼ਰ ਸਨ।



ਅੰਤ੍ਰਿੰਗ ਮੈਂਬਰ ਜਥੇ. ਸੱਜਣ ਸਿੰਘ ਬੱਜੂਮਾਨ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਪਾ: ਪੰਜਵੀਂ ਠੱਠੀਆਂ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ 286 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਅੰਤ੍ਰਿੰਗ ਮੈਂਬਰ ਜਥੇ. ਸੱਜਣ ਸਿੰਘ ਬੱਜੂਮਾਨ ਦੇ ਸਹਿਯੋਗ ਨਾਲ ਪਿੰਡ ਸਾਰਚੂਰ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ 23 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



## ਪਿੰਡ ਕੈਰੋਂ (ਤਰਨ ਤਾਰਨ) ਗੁਰਦੁਆਰਾ ਝਾੜ ਸਾਹਿਬ ਪਾਤਸ਼ਾਹੀ ਪੰਜਵੀਂ, ਛੇਵੀਂ ਵਿਖੇ ਖ਼ਾਲਸਾ ਸਾਜਣਾ ਦਿਵਸ ਮੌਕੇ 705 ਪ੍ਰਾਣੀਆਂ ਨੇ ਕੀਤਾ ਅੰਮ੍ਰਿਤਪਾਨ

ਪੱਟੀ, 14 ਅਪ੍ਰੈਲ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਅਤੇ ਖਾਲਸਾ ਸਾਜਣਾ ਦਿਵਸ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਹਲਕਾ ਪੱਟੀ ਜ਼ਿਲ੍ਹਾ ਤਰਨ ਤਾਰਨ ਦੇ ਪਿੰਡ ਕੈਰੋਂ ਗੁਰਦੁਆਰਾ ਝਾੜ ਸਾਹਿਬ ਪਾਤਸ਼ਾਹੀ ਪੰਜਵੀਂ, ਛੇਵੀਂ ਵਿਖੇ ਕਰਵਾਇਆ ਗਿਆ, ਜਿਸ ਵਿਚ 705 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ। ਹਮੇਸ਼ਾ ਦੀ ਤਰ੍ਹਾਂ ਅੰਮ੍ਰਿਤ ਅਭਿਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ।

ਜੱਥੇਦਾਰ ਖੁਸ਼ਵਿੰਦਰ ਸਿੰਘ ਪੱਟੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰੇਰਨਾ ਸਦਕਾ ਡਾ. ਰੂਪ ਸਿੰਘ ਮੁੱਖ ਸਕੱਤਰ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ ਦੇ ਸਹਿਯੋਗ ਸਦਕਾ ਕਾਰ ਸੇਵਾ ਬਾਬਾ ਬਸਤਾ ਸਿੰਘ ਜੀ ਬਾਬਾ ਕਰਤਾਰ ਸਿੰਘ ਜੀ ਮੌਜੂਦਾ ਮੁਖੀ ਬਾਬਾ ਸੁਰਜੀਤ ਸਿੰਘ ਜੀ ਕੈਰੋਂ ਵਾਲਿਆਂ ਦੇ ਸਹਿਯੋਗ ਨਾਲ ਖਾਲਸਾ ਸਾਜਣਾ ਦਿਵਸ ਸਮੇਂ ਆਸ-ਪਾਸ ਦੇ ਵੱਖ-ਵੱਖ ਪਿੰਡਾਂ ਵਿਚ ਗੁਰਮਤਿ ਸਮਾਗਮ ਕੀਤੇ ਗਏ, ਜਿਨ੍ਹਾਂ ਵਿਚ ਸ. ਖੁਸ਼ਵਿੰਦਰ ਸਿੰਘ ਪੱਟੀ, ਬੀਬੀ ਹਰਜਿੰਦਰ ਕੌਰ ਪੱਟੀ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸ. ਸੁਖਵਰਸ਼ ਸਿੰਘ ਨੌਸ਼ਹਿਰਾ ਪੰਨੂਆ ਮੈਂਬਰ ਧਰਮ ਪ੍ਰਚਾਰ ਕਮੇਟੀ, ਪ੍ਰਿੰਸੀਪਲ ਸੁੱਖਾ ਸਿੰਘ ਪੱਟੀ ਗੁਰਮਤਿ ਸਮਾਗਮਾਂ ਵਿਚ ਅੰਮ੍ਰਿਤ ਛਕਣ ਦੀ ਪ੍ਰੇਰਣਾ ਕਰਦੇ ਰਹੇ। ਬਾਬਾ ਸੁਰਜੀਤ ਸਿੰਘ ਜੀ ਕਾਰਸੇਵਾ ਕੈਰੋਂ ਵਾਲੇ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਨੂੰ ਬੱਸਾਂ ਰਾਹੀਂ ਇਨ੍ਹਾਂ ਗੁਰਮਤਿ ਸਮਾਗਮਾਂ ਵਿਚ ਹਾਜ਼ਰੀਆਂ ਲਗਵਾਉਣ ਲਈ ਲਿਆਉਂਦੇ ਰਹੇ।

ਇਨ੍ਹਾਂ ਸਮਾਗਮਾਂ ਵਿਚ ਸ. ਜਗਦੇਵ ਸਿੰਘ ਹੈਡ ਪ੍ਰਚਾਰਕ, ਭਾਈ ਹੀਰ ਸਿੰਘ ਮਨਿਹਾਲ ਤੇ ਭਾਈ ਗੁਰਬਚਨ ਸਿੰਘ ਕਲਸੀਆਂ ਪ੍ਰਚਾਰਕ, ਭਾਈ ਭਗਵਾਨ ਸਿੰਘ ਸੁਰਵਿੰਡ ਕਵੀਸ਼ਰ, ਭਾਈ ਰਣਜੀਤ ਸਿੰਘ ਰਾਗੀ ਜੱਥਾ ਗੁਰਦੁਆਰਾ ਝਾੜ ਸਾਹਿਬ, ਭਾਈ ਸੰਤੋਖ ਸਿੰਘ ਕੰਡਿਆਲਾ, ਭਾਈ ਹਰਦੀਪ ਸਿੰਘ ਮਾਣੋਚਾਹਲ ਢਾਡੀ ਜੱਥਾ, ਸ. ਗੁਰਪ੍ਰਤਾਪ ਸਿੰਘ ਸੁੱਗਾ ਤੇ ਭਾਈ ਗੁਰਜੰਟ ਸਿੰਘ ਬੈਂਕਾ ਕਵੀਸ਼ਰੀ ਹਾਜ਼ਰੀ ਭਰਦੇ ਰਹੇ।

## ਪਿੰਡ ਦਿਉਣ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਦੌਰਾਨ 36 ਪ੍ਰਾਣੀ ਗੁਰੂ ਵਾਲੇ ਬਣੇ

ਬੱਲੂਆਣਾ, 8 ਅਪ੍ਰੈਲ - ਗੁਰਦੁਆਰਾ ਬਾਬਾ ਜੀਵਨ ਸਿੰਘ ਪਿੰਡ ਦਿਉਣ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਅਤੇ ਪੰਚਾਇਤ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਧਾਰਮਿਕ ਦੀਵਾਨ ਸਜਾਏ ਗਏ। ਤਿੰਨ ਦਿਨਾਂ ਦੇ ਰਾਤ ਸਮੇਂ ਸਜਾਏ ਗਏ ਦੀਵਾਨਾ ਵਿਚ ਆਸ-ਪਾਸ ਦੇ ਪਿੰਡਾਂ ਦੀ ਸੰਗਤ ਨੇ ਵੀ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ। ਉੱਘੇ ਕਥਾਵਾਚਕ ਬਾਬਾ ਗੁਰਦਾਸ ਸਿੰਘ ਰਾਮੇਆਣਾ ਵਲੋਂ ਕਥਾ ਰਾਹੀਂ ਸੰਗਤ ਨੂੰ ਗੁਰਬਾਣੀ ਅਤੇ ਬਾਣੇ ਨਾਲ ਜੋੜਣ ਦੀ ਪ੍ਰੇਰਨਾ ਕੀਤੀ।

ਇਸ ਮੌਕੇ ਪ੍ਰਚਾਰਕ ਭਾਈ ਸਿਮਰਜੀਤ ਸਿੰਘ ਨੇ ਵੀ ਹਾਜ਼ਰੀ ਭਰੀ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਅਮਰੀਕ ਸਿੰਘ ਕੋਟਸ਼ਮੀਰ ਦੇ ਸਹਿਯੋਗ ਨਾਲ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪੁਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 36 ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਛਕਿਆ। ਪੰਜ ਪਿਆਰੇ ਸਾਹਿਬਾਨ ਨੂੰ ਪ੍ਰਬੰਧਕਾਂ ਨੇ ਸਿਰੋਪਾਓ ਭੇਟ ਕਰ ਕੇ ਸਨਮਾਨਤ ਕੀਤਾ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵਲੋਂ ਭੇਟਾ ਰਹਿਤ ਦਿੱਤੇ ਗਏ। ਭਾਈ ਅਮਰੀਕ ਸਿੰਘ ਨੇ ਅੰਮ੍ਰਿਤ ਛਕਣ ਵਾਲੇ ਸਿੰਘਾਂ, ਸਿੰਘਣੀਆਂ ਨੂੰ ਪ੍ਰਚਾਰਕ ਭਾਈ ਗੁਰਦੇਵ ਸਿੰਘ, ਭਾਈ ਮਨਦੀਪ ਸਿੰਘ ਅਬਲੂ ਰਾਹੀਂ ਸਿਰੋਪਾਓ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ।



## ਗੁਰਦੁਆਰਾ ਸਾਧ ਸੰਗਤ ਫਤਹਿਗੜ੍ਹ ਚੂੜੀਆਂ ਵਿਖੇ ਅੰਮ੍ਰਿਤ ਸੰਚਾਰ ਸਮਾਗਮ

ਫਤਹਿਗੜ੍ਹ ਚੂੜੀਆਂ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਲਕਾ ਡੇਰਾ ਬਾਬਾ ਨਾਨਕ ਦੇ ਕਸਬਾ ਫਤਹਿਗੜ੍ਹ ਚੂੜੀਆਂ ਦੇ ਗੁਰਦੁਆਰਾ ਸਾਧ ਸੰਗਤ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਕੁਲਬੀਰ ਸਿੰਘ ਦੁਆਰਾ ਪੁੱਜੀ ਜਾਣਕਾਰੀ ਅਨੁਸਾਰ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 93 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਸਾਹਿਬਾਨ ਦਾ ਸਨਮਾਨ ਕੀਤਾ ਗਿਆ।

## ਧਰਮ ਪ੍ਰਚਾਰ ਕਮੇਟੀ ਵੱਲੋਂ ਜੰਮੂ-ਕਸ਼ਮੀਰ ਵਿਖੇ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ



ਜੰਮੂ - ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਜੰਮੂ ਕਸ਼ਮੀਰ ਵਿਚ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਗੁਰਦੁਆਰਾ ਸਿੰਘ ਸਭਾ ਪਿੰਡ ਕੁੰਦੇ ਚੱਕ ਜ਼ਿਲ੍ਹਾ ਕਠੂਆ ਜੰਮੂ ਕਸ਼ਮੀਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 55 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਇਸੇ ਤਰ੍ਹਾਂ ਗੁਰਦੁਆਰਾ ਸਾਹਿਬ ਪਾ: ਛੇਵੀਂ ਨੌਸ਼ਹਿਰਾ ਜ਼ਿਲ੍ਹਾ ਰਜੋਰੀ ਜੰਮੂ ਕਸ਼ਮੀਰ ਵਿਖੇ ਵੀ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿਚ 221 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਧਰਮ ਪ੍ਰਚਾਰ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕੀਤੇ ਗਏ ਇਨ੍ਹਾਂ ਸਮਾਗਮਾਂ ਸਮੇਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰੀਆਂ। ਇਨ੍ਹਾਂ ਸਮਾਗਮਾਂ ਸਮੇਂ ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਦਿੱਤੇ ਗਏ।

ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਜੀ ਦੀ ਜਨਮ ਸ਼ਤਾਬਦੀ ਸਬੰਧੀ ਪੂਰੇ ਭਾਰਤ ਅੰਦਰ ਇੱਕ ਲਹਿਰ ਚਲਾਈ ਜਾ ਰਹੀ ਹੈ। ਵੱਧ ਤੋਂ ਵੱਧ ਲੋਕਾਂ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਲਈ ਪ੍ਰੇਰਨਾ ਕਰਦਿਆਂ ਗੁਰਮਤਿ ਫਲਸਫੇ ਦੀ ਜਾਣਕਾਰੀ ਵੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਵੱਲੋਂ ਦਿੱਤੀ ਜਾ ਰਹੀ ਹੈ।

## ਪਿੰਡ ਬਹਿੜਵਾਲ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ





ਬਹਿੜਵਾਲ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਪਿੰਡ ਬਹਿੜਵਾਲ ਵਿਚ ਗੁਰਮਤਿ 'ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਦੇ ਜਥੇ ਨੇ ਇਲਾਹੀ ਗੁਰਬਾਣੀ ਦੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਸਮਾਗਮ ਸਮੇਂ ਭਾਈ ਗੁਰਭੇਜ ਸਿੰਘ ਜੌਹਲ ਢਾਡੀ, ਭਾਈ ਕੇਵਲ ਸਿੰਘ ਮਹਿਤਾ ਅਤੇ ਭਾਈ ਮਨਜੀਤ ਸਿੰਘ ਮਾਣਕ ਕਵੀਸ਼ਰੀ ਜੱਥੇ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਵਿਸ਼ੇਸ ਤੌਰ 'ਤੇ ਪਹੁੰਚੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਅਤੇ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਗੁਰੂ ਉਪਦੇਸ਼ਾਂ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ। ਸਮਾਗਮ ਸਮੇਂ ਸਟੇਜ ਸਕੱਤਰ ਦੀ ਸੇਵਾ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਗਿਆਨੀ ਗੁਰਬਚਨ ਸਿੰਘ ਕਲਸੀਆਂ ਤੇ ਭਾਈ ਹੀਰਾ ਸਿੰਘ ਮਨਿਆਲਾ ਨੇ ਨਿਭਾਈ। ਇਸ ਮੌਕੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿਚ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੁੱਜੇ ਪੰਜ ਪਿਆਰਿਆਂ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਅੰਮ੍ਰਿਤ ਸੰਚਾਰ ਸਮਾਗਮ ਸਮੇਂ 18 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ, ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਜ਼ਿਕਰਯੋਗ ਹੈ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਹਮੇਸ਼ਾ ਕਕਾਰ ਭੇਟਾ ਰਹਿਤ ਦਿੱਤੇ ਜਾਂਦੇ ਹਨ। ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਘਰਿਆਲੇ ਵਾਲੇ, ਬਾਬਾ ਮੌਜੀ ਦਾਸ ਜੀ ਮਾੜੀ ਕੰਬੋਕੇ ਵਾਲੇ, ਸ. ਪੰਜਾਬ ਸਿੰਘ ਨੰਬਰਦਾਰ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਸ਼੍ਰੋਮਣੀ ਕਮੇਟੀ, ਸ. ਲਖਬੀਰ ਸਿੰਘ ਮੈਨੇਜਰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਰੱਤੋਕੇ, ਸ. ਦਰਸ਼ਨ ਸਿੰਘ, ਸ. ਸਤਨਾਮ ਸਿੰਘ, ਸ. ਕੁਲਦੀਪ ਸਿੰਘ, ਸ. ਮੁਖਤਾਰ ਸਿੰਘ, ਸ. ਦਲੇਰ ਸਿੰਘ, ਸ. ਗੁਰਮੀਤ ਸਿੰਘ, ਸ. ਸੁਖਚੈਨ ਸਿੰਘ, ਸ. ਕਸ਼ਮੀਰ ਸਿੰਘ ਸੰਧੂ, ਸ. ਗੁਰਬਚਨ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਗੁਰਮਤਿ ਸਮਾਗਮ ਵਿਚ ਹਾਜ਼ਰ ਸਨ।

## 'ਇੱਕ ਪਿੰਡ ਇੱਕ ਗੁਰਦੁਆਰਾ ਮੁਹਿੰਮ' ਨੂੰ ਭਰਵਾਂ ਹੁੰਗਾਰਾ

### ਪਿੰਡ ਦਾਲੋਮਾਜਰਾ ਦੇ ਗੁਰਦੁਆਰਾ ਸਾਹਿਬ ਦੀ ਖਾਲੀ ਹੋਈ ਇਮਾਰਤ 'ਚ ਸ਼੍ਰੋਮਣੀ ਕਮੇਟੀ ਬਣਾਏਗੀ ਲਾਇਬ੍ਰੇਰੀ -ਭਾਈ ਲੌਂਗੋਵਾਲ



30 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਥਕ ਏਕਤਾ ਅਤੇ ਪਿੰਡਾਂ ਵਿਚ ਸਮਾਜਿਕ ਸਾਂਝ ਵਧਾਉਣ ਲਈ 'ਇਕ ਪਿੰਡ ਇਕ ਗੁਰਦੁਆਰਾ ਮੁਹਿੰਮ' ਤਹਿਤ ਸੰਗਤਾਂ ਨੂੰ ਪਿੰਡਾ ਅੰਦਰ ਵੱਖ-ਵੱਖ ਗੁਰਦੁਆਰਾ ਸਾਹਿਬਾਨ ਨੂੰ ਇਕ ਕਰਨ ਲਈ ਪ੍ਰੇਰਿਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਜਿਥੇ ਸੰਗਤਾਂ ਨੂੰ ਧਰਮ ਵਿਚ ਪ੍ਰਪਕਤਾ ਲਈ ਪ੍ਰੇਰਿਆ ਜਾ ਰਿਹਾ ਹੈ ਉਥੇ ਸਮਾਜ ਵਿਚੋਂ ਜਾਤ-ਪਾਤ ਦੇ ਖਾਤਮੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਲਈ ਬਹੁਤੇ ਗੁਰਦੁਆਰਾ ਸਾਹਿਬਾਨ ਨੂੰ ਇਕ ਕਰਨ ਲਈ ਸੰਗਤਾਂ ਵਿਚ ਸਹਿਮਤੀ ਬਣਾਈ ਜਾ ਰਹੀ ਹੈ।

ਸ਼੍ਰੋਮਣੀ ਕਮੇਟੀ ਵੱਲੋਂ ਅਰੰਭੀ ਇਸ ਲਹਿਰ ਨੂੰ ਬੂਰ ਪੈਣਾ ਸ਼ੁਰੂ ਹੋ ਗਿਆ ਹੈ। ਹਲਕਾ ਜਗਰਾਉਂ ਦੇ ਪਿੰਡ ਚੱਕਰ ਅਤੇ ਫਰੀਦਕੋਟ ਦੇ ਪਿੰਡ ਧੂੜਕੋਟ ਤੋਂ ਬਾਅਦ ਹੋਰਨਾ ਪਿੰਡਾਂ ਦੀਆਂ ਸੰਗਤਾਂ ਵੱਲੋਂ ਵੀ ਇਸ ਮੁਹਿੰਮ ਦਾ ਹਿੱਸਾ ਬਣਦਿਆਂ ਆਪਣੇ ਪਿੰਡਾਂ ਅੰਦਰ ਬਹੁਤੇ ਗੁਰਦੁਆਰਾ ਸਾਹਿਬਾਨ ਤੋਂ ਇਕ ਕਰਨ ਦਾ ਅਮਲ ਅਰੰਭਿਆ ਗਿਆ ਹੈ। ਪਿੰਡ ਅਵਾਣ ਦੀਆਂ ਸੰਗਤਾਂ ਵੱਲੋਂ ਵੀ ਪਿੰਡ ਵਿਚ ਇਕ ਗੁਰਦੁਆਰਾ ਸਾਹਿਬ ਕਰਨ ਦੀ ਪਹਿਲਕਦਮੀ ਕੀਤੀ ਗਈ ਹੈ। ਇਸੇ ਤਰ੍ਹਾਂ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਸਰਫਕੋਟ ਵਿਚ ਵੀ ਪੰਜ ਗੁਰਦੁਆਰਾ ਸਾਹਿਬਾਨ ਤੋਂ ਇਕ ਗੁਰਦੁਆਰਾ ਕੀਤਾ ਗਿਆ ਹੈ।

**ਫ਼ਤਹਿਗੜ੍ਹ ਸਾਹਿਬ ਦੇ ਦਾਲੋਮਾਜਰਾ, ਅਜਨਾਲਾ ਦੇ ਅਵਾਨ ਤੇ ਡੇਰਾ ਬਾਬਾ ਨਾਨਕ ਦੇ ਸਰਫਕੋਟ ਦੀਆਂ ਸੰਗਤਾਂ ਨੇ ਵੀ ਕੀਤਾ ਪਿੰਡ ਵਿਚ ਇੱਕ ਗੁਰਦੁਆਰਾ ਸਾਹਿਬ**

ਇਸੇ ਤਰ੍ਹਾਂ ਫਤਹਿਗੜ੍ਹ ਸਾਹਿਬ ਦੇ ਪਿੰਡ ਦਾਲੋਮਾਜਰਾ ਦੇ ਵਾਸੀਆਂ ਵੱਲੋਂ ਇਤਿਹਾਸਕ ਫੈਸਲਾ ਲੈਂਦਿਆਂ ਪਿੰਡ ਵਿਚ ਦੋ ਤੋਂ ਇਕ ਗੁਰਦੁਆਰਾ ਸਾਹਿਬ ਕੀਤਾ ਗਿਆ। ਪਿੰਡ ਵਾਸੀਆਂ ਨੇ ਇਹ ਫੈਸਲਾ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਭਾਈ ਗੁਰਦਰਸ਼ਨ ਸਿੰਘ ਫਤਹਿਗੜ੍ਹ ਸਾਹਿਬ ਤੇ ਸ. ਤਲਵਿੰਦਰ ਸਿੰਘ ਬੁੱਟਰ ਦੀ ਪ੍ਰੇਰਣਾ ਨਾਲ ਲਿਆ। ਇਸ ਸਮੇਂ ਸਮਾਗਮ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਿੰਡ ਦਾਲੋਮਾਜਰਾ ਦੇ ਵਾਸੀਆਂ ਵੱਲੋਂ ਧੜੇਬੰਧੀ ਤੋਂ ਉਪਰ ਉਠ ਕੇ ਵਡੇਰੇ ਪੰਥਕ ਹਿਤਾਂ ਖਾਤਰ ਦੋ ਤੋਂ ਇੱਕ ਗੁਰਦੁਆਰਾ ਸਾਹਿਬ ਕਰਨ ਦੀ ਸ਼ਲਾਘਾ ਕੀਤੀ। ਉਨ੍ਹਾਂ ਖਾਲੀ ਹੋਈ ਇੱਕ ਗੁਰਦੁਆਰਾ ਸਾਹਿਬ ਦੀ ਇਮਾਰਤ ਵਿਚ ਸੁਲਤਾਨ-ਉਲ-ਕੌਮ ਜੱਥੇਦਾਰ ਜੱਸਾ ਸਿੰਘ ਅਹਲੂਵਾਲੀਆ ਦੇ ਨਾਂ 'ਤੇ ਧਾਰਮਿਕ ਲਾਏਬ੍ਰੇਰੀ ਸਥਾਪਤ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਲਾਇਬ੍ਰੇਰੀ ਲਈ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ਿਤ ਪੁਸਤਕਾਂ ਤੋਂ ਇਲਾਵਾ 50 ਹਜਾਰ ਰੁਪਏ ਦੀਆਂ ਹੋਰ ਕਿਤਾਬਾਂ ਵੀ ਖਰੀਦ ਕੇ ਦਿੱਤੀਆਂ ਜਾਣਗੀਆਂ। ਭਾਈ ਲੌਂਗੋਵਾਲ ਨੇ ਵੱਖ-ਵੱਖ ਪਿੰਡਾਂ ਵੱਲੋਂ ਇਸ ਮੁਹਿੰਮ ਦਾ ਹਿੱਸਾ ਬਣ ਕੇ ਆਪਣੇ ਪਿੰਡਾਂ ਵਿਚ ਇਕ ਗੁਰਦੁਆਰਾ ਸਾਹਿਬ ਕਰਨ ਲਈ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ ਅਤੇ ਬਾਕੀ ਸੰਗਤਾਂ ਨੂੰ ਇਸ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਪਿੰਡਾਂ ਵਿਚ ਇੱਕ ਗੁਰਦੁਆਰਾ ਹੋਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਵਧੀਆਂ ਢੰਗ ਨਾਲ ਕਾਇਮ ਰੱਖਿਆ ਜਾ ਸਕੇਗਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਤੇ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਇੱਕ ਪਿੰਡ ਇੱਕ ਗੁਰਦੁਆਰਾ ਸਾਹਿਬ ਮੁਹਿੰਮ ਦੇ ਨਾਲ ਪਿੰਡਾਂ ਵਿਚ ਜਾਤਾਂ ਪਾਤਾਂ, ਧੜੇਬੰਦੀਆਂ ਤੇ ਸਮਾਜਿਕ ਵਖਰੇਵਿਆਂ ਨੂੰ ਦੂਰ ਕਰਨ ਵਿਚ ਸਹਾਇਤਾ ਮਿਲੇਗੀ।

ਇਸ ਮੌਕੇ ਪਿੰਡ ਦੇ ਸਰਪੰਚ ਸ. ਨਰਿੰਦਰ ਸਿੰਘ ਸਾਹੀ ਨੇ ਪਿੰਡ ਵਿਚ ਬਣਨ ਵਾਲੀ ਲਾਇਬ੍ਰੇਰੀ ਲਈ ਆਪਣੇ ਪਰਿਵਾਰ ਵੱਲੋਂ ਫਰਨੀਚਰ ਦੀ ਸੇਵਾ ਕਰਵਾਉਣ ਦਾ ਐਲਾਨ ਕੀਤਾ ਅਤੇ ਸ. ਤਜਿੰਦਰ ਸਿੰਘ ਦੇ ਪਰਿਵਾਰ ਨੇ ਇਸ ਲਾਇਬ੍ਰੇਰੀ ਵਿਚ ਬੱਚਿਆਂ ਨੂੰ ਗੁਰਬਾਣੀ ਸੰਥਿਆ ਦੀ ਸੇਵਾ ਦੀ ਜਿੰਮੇਵਾਰੀ ਲਈ।

ਇਸ ਤੋਂ ਪਹਿਲਾਂ ਇੱਕ ਗੁਰਦੁਆਰਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪਅਦਬ ਨਾਲ ਦੂਸਰੇ ਗੁਰਦੁਆਰਾ ਸਾਹਿਬ ਵਿਚ ਨਗਰ ਕੀਰਤਨ ਦੇ ਰੂਪ ਵਿਚ ਲਿਆਂਦਾ ਗਿਆ, ਜਿਸ ਦੀ ਸੇਵਾ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਨਿਭਾਈ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜੂਰੀ ਰਾਗੀ ਭਾਈ ਜਰਨੈਲ ਸਿੰਘ ਤੇ ਭਾਈ ਹਰਦੀਪ ਸਿੰਘ ਦੇ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਪਿੰਡ ਵਾਸੀਆਂ ਤੇ ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ ਕੀਤਾ, ਜਦਕਿ ਪਿੰਡ ਵੱਲੋਂ ਧੰਨਵਾਦ ਵਜੋਂ ਭਾਈ ਲੌਂਗੋਵਾਲ ਤੇ ਗਿਆਨੀ ਰਘਬੀਰ ਸਿੰਘ ਦਾ ਵੀ ਸਨਮਾਨ ਕੀਤਾ ਗਿਆ।

ਇਸ ਮੌਕੇ ਹਲਕੇ ਦੇ ਅਕਾਲੀ ਆਗੂ ਸ. ਦੀਦਾਰ ਸਿੰਘ ਭੱਟੀ, ਸ. ਰਣਜੀਤ ਸਿੰਘ ਲਿਬੜਾ, ਸ. ਹਰਵਿੰਦਰ ਸਿੰਘ ਬੱਬਲ, ਭਾਈ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੇ ਸ. ਪਰਮਜੀਤ ਸਿੰਘ ਸਰੋਆ, ਸ. ਦਰਸ਼ਨ ਸਿੰਘ ਲੌਂਗੋਵਾਲ ਪੀਏ, ਸ. ਬਲਜੀਤ ਸਿੰਘ ਭੁੱਟਾ, ਮੈਨੇਜਰ ਸ. ਨੱਥਾ ਸਿੰਘ, ਸ. ਸ਼ਮਸ਼ੇਰ ਸਿੰਘ, ਸ. ਤੇਜਿੰਦਰ ਸਿੰਘ, ਸ. ਸਰਬਜੀਤ ਸਿੰਘ ਸੋਢੀ, ਸ. ਹਰਭਜਨ ਸਿੰਘ ਨੰਬਰਦਾਰ, ਸ. ਪ੍ਰਤਾਪ ਸਿੰਘ ਕਾਲਾ, ਸ. ਸਾਹਿਬ ਸਿੰਘ, ਸ. ਮਲਕੀਤ ਸਿੰਘ ਸੋਢੀ, ਸ. ਪ੍ਰਤਾਪ ਸਿੰਘ ਪੰਚ, ਸ. ਮੁਖਤਿਆਰ ਸਿੰਘ, ਸ. ਜਗਤਾਰ ਸਿੰਘ ਅਤੇ ਸ. ਪਵਨਦੀਪ ਸਿੰਘ ਸਮੇਤ ਪਿੰਡਾਂ ਦੀਆਂ ਸੰਗਤਾਂ ਅਤੇ ਹੋਰ ਮੌਜੂਦ ਸਨ।

## ਸੰਗਤਾਂ ਲਈ ਸ਼੍ਰੋਮਣੀ ਕਮੇਟੀ ਜਲਦ ਕਰੇਗੀ ਰਿਹਾਇਸ਼ ਦਾ ਵਿਸਥਾਰ- ਭਾਈ ਲੌਂਗੋਵਾਲ

### ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਾਂ ਬਣਾਉਣ ਲਈ ਅਕਾਲੀ ਬਾਗ ਵਾਲੀ ਲੱਗਭਗ 6 ਏਕੜ ਜਗ੍ਹਾ ਦਾ ਦੇਖਿਆ ਮੌਕਾ



ਅੰਮ੍ਰਿਤਸਰ, 15 ਅਪ੍ਰੈਲ-ਮਨੁੱਖਤਾ ਦੇ ਅਧਿਆਤਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਇਸ਼ਨਾਨ ਕਰਨ ਲਈ ਪੁੱਜਦੀਆਂ ਸੰਗਤਾਂ ਨੂੰ ਰਿਹਾਇਸ਼ ਦੀ ਸਹੂਲਤ ਵਿਚ ਹੋਰ ਵਿਸਥਾਰ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਯਤਨ ਤੇਜ ਕਰ ਦਿੱਤੇ ਗਏ ਹਨ। ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਪਾਪੜਾਂ ਵਾਲੇ ਬਜ਼ਾਰ ਨਾਲ ਲੱਗਦੇ ਅਕਾਲੀ ਬਾਗ ਵਾਲੀ ਮਾਰਕੀਟ ਵਿਖੇ ਸ਼੍ਰੋਮਣੀ ਕਮੇਟੀ ਦੀ ਕਰੀਬ 6 ਏਕੜ ਜਗ੍ਹਾ ਵਿਚ ਸੰਗਤਾਂ ਦੇ ਰਹਿਣ ਲਈ ਵਿਸ਼ਾਲ ਸਰ੍ਹਾਂ ਬਣਾਉਣ ਦੀ ਪਿਛਲੇ ਸਮੇਂ ਤੋਂ ਵਿਚਾਰ ਅਧੀਨ ਯੋਜਨਾ ਨੂੰ ਅਮਲ ਵਿਚ ਲਿਆਉਣ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਾਰਵਾਈ ਆਰੰਭਣ ਲਈ ਕਿਹਾ ਹੈ। ਇਸੇ ਤਹਿਤ ਹੀ ਭਾਈ ਲੌਂਗੋਵਾਲ ਨੇ ਅੱਜ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਅਤੇ ਇਮਾਰਤੀ ਵਿਭਾਗ ਦੇ ਨੁਮਾਇੰਦਿਆਂ ਨਾਲ ਖੁਦ ਜਾ ਕੇ ਅਕਾਲੀ ਬਾਗ ਵਿਖੇ ਜਗ੍ਹਾ ਦਾ ਮੌਕਾ ਦੇਖਿਆ ਅਤੇ ਇਥੇ ਜਲਦ ਕੰਮ ਆਰੰਭਣ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਮੁੱਚੇ ਵਿਸ਼ਵ ਦੀਆਂ ਸੰਗਤਾਂ ਪਾਵਨ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਪੁੱਜਦੀਆਂ ਹਨ, ਜਿਨ੍ਹਾਂ ਦੀ ਰਿਹਾਇਸ਼ ਲਈ ਆਉਂਦੀ ਸਮੱਸਿਆ ਨੂੰ ਦੂਰ ਕਰਨ ਲਈ ਇਥੇ ਅਕਾਲੀ ਬਾਗ ਵਾਲੀ ਜਗ੍ਹਾ ਤੇ ਸਰਾਂ ਬਣਾਈ ਜਾਵੇਗੀ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਸਰਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਬਜਟ ਵਿਚ ਵੀ ਰਾਸ਼ੀ ਰਾਖਵੀਂ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਸੰਗਤਾਂ ਦੀ ਆਮਦ ਵਿਚ ਵੱਡਾ ਵਾਧਾ ਹੋਇਆ ਹੈ, ਜਿਸ ਨਾਲ ਰਿਹਾਇਸ਼ ਦੇ ਪ੍ਰਬੰਧਾਂ ਵਿਚ ਮੁਸ਼ਕਿਲ ਆਉਣੀ ਸੁਭਾਵਿਕ ਹੈ ਅਤੇ ਇਸੇ ਲੋੜ ਮੁਤਾਬਿਕ ਹੀ ਸ਼੍ਰੋਮਣੀ ਕਮੇਟੀ ਹੋਰ ਰਿਹਾਇਸ਼ ਬਣਾਉਣ ਲਈ ਯਤਨ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਰਾਂ ਦੇ ਪਹਿਲੇ ਪੜਾਅ ਦਾ ਕੰਮ ਜਲਦੀ ਹੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਆਸ ਪ੍ਰਗਟਾਈ ਕਿ ਇਸ ਨਿਵਾਸ ਦੇ ਬਣਨ ਨਾਲ ਸੰਗਤਾਂ ਨੂੰ ਰਹਿਣ ਲਈ ਕਮਰਿਆਂ ਦੀ ਮੁਸ਼ਕਿਲ ਕਾਫੀ ਹੱਦ ਤੱਕ ਹੱਲ ਹੋ ਜਾਵੇਗੀ।

ਇਸ ਮੌਕੇ ਉਨ੍ਹਾਂ ਨਾਲ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ, ਸ. ਸੁਖਜਿੰਦਰ ਸਿੰਘ ਐਸ.ਡੀ.ਓ ਅਤੇ ਸ. ਦਰਸ਼ਨ ਸਿੰਘ ਨਿੱਜੀ ਸਹਾਇਕ ਵੀ ਮੌਜੂਦ ਸਨ।

## ਸੈਂਕੜੇ ਸਿੱਖਾਂ ਵੱਲੋਂ ਗੁਰਸਿੱਖੀ ਧਾਰਨ ਕਰਕੇ ਸਿੰਘ ਸੱਜਣਾ ਇਤਿਹਾਸ ਦਾ ਸੁਨਹਿਰੀ ਪੰਨਾ- ਭਾਈ ਲੌਂਗੋਵਾਲ

### ਭਾਈ ਲੌਂਗੋਵਾਲ ਨੇ ਫੈਡਰੇਸ਼ਨ ਗਰੇਵਾਲ ਦੇ ਉਪਰਾਲੇ ਦੀ ਕੀਤੀ ਸ਼ਲਾਘਾ



ਫਾਜ਼ਿਲਕਾ, 09 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭਾਰਤ ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਵੱਸੇ ਪਿੰਡ ਮੋਹਾਰ ਸੋਨਾ ਵਿਖੇ ਕਰਵਾਏ ਗਏ ਸਨਮਾਨ ਤੇ ਗੁਰਮਤਿ ਸਮਾਗਮ ਸਮੇਂ ਸ਼ਮੂਲੀਅਤ ਕੀਤੀ। ਫੈਡਰੇਸ਼ਨ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ ਤੇ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਜਥੇਦਾਰ ਸੂਬਾ ਸਿੰਘ ਡੱਬਵਾਲਾ ਦੇ ਉਪਰਾਲੇ ਨਾਲ ਕਰਵਾਏ ਗਏ ਇਸ ਸਮਾਗਮ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਰਹੱਦੀ ਇਲਾਕੇ ਦੇ ਲੋਕ ਜੋ ਸਮੇਂ ਸਮੇਂ ਔਖੀਆਂ ਘਾਟੀਆਂ 'ਚ ਲੰਘਦੇ ਤੇ ਬੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਦੇ ਹਨ, ਵੱਲੋਂ ਸਿੱਖੀ ਪ੍ਰਤੀ ਦਿਖਾਏ ਗਏ ਪਿਆਰ ਤੇ ਕੀਤੇ ਗਏ ਸਤਿਕਾਰ ਦਾ ਪ੍ਰਗਟਾਵਾ ਮੇਰੀ ਜ਼ਿੰਦਗੀ ਦੀ ਇਤਿਹਾਸਕ ਘੜੀ ਹੋ ਨਿਬੜੀ ਹੈ। ਉਨ੍ਹਾਂ ਕਿਹਾ ਕਿ ਭਾਈ ਗਰੇਵਾਲ ਦੇ ਵਿਸ਼ੇਸ਼ ਯਤਨਾਂ ਨਾਲ ਸਰਹੱਦੀ ਪੱਟੀ ਦੇ ਪਿੰਡਾਂ ਵਿਚ ਗੁਰਮਤਿ ਰਹਿਣੀ ਤੋਂ ਦੂਰ ਸੈਂਕੜੇ ਗ੍ਰੰਥੀ ਅਤੇ ਪਾਠੀ ਸਿੰਘਾਂ ਵੱਲੋਂ ਗੁਰਸਿੱਖੀ ਧਾਰਨ ਕਰਕੇ ਸਿੰਘ ਸੱਜਣਾ ਇਤਿਹਾਸ ਦਾ ਸੁਨਹਿਰੀ ਪੰਨਾ ਹੈ। ਉਨ੍ਹਾਂ ਕਿਹਾ ਕਿ ਅੱਜ ਧਰਮ ਪ੍ਰਚਾਰ ਲਈ ਰਵਾਇਤੀ ਢੰਗ ਤਰੀਕਿਆਂ ਦੀ ਥਾਂ ਸੰਗਤਾਂ ਨਾਲ ਸਿੱਧਾ ਰਾਬਤਾ ਬਣਾ ਕੇ ਸੰਵਾਦ ਵਿਧੀ ਅਪਨਾਉਣ ਦੀ ਬੇਹੱਦ ਜ਼ਰੂਰਤ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਇਸ ਸਰਹੱਦੀ ਖੇਤਰ ਵਿਚ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਵੱਧ ਤੋਂ ਵੱਧ ਪ੍ਰਚਾਰਕ ਜਥੇ ਭੇਜੇ ਜਾਣਗੇ ਅਤੇ ਧਾਰਮਿਕ ਸਾਹਿਤ ਵੀ ਵੱਡੀ ਪੱਧਰ 'ਤੇ ਵੰਡਿਆ ਜਾਵੇਗਾ। ਉਨ੍ਹਾਂ ਇਲਾਕੇ ਦੇ ਮੋਹਤਬਰਾਂ ਵੱਲੋਂ ਕੀਤੀ ਮੰਗ 'ਤੇ ਕਿਹਾ ਕਿ ਜਲਾਲਾਬਾਦ ਵਿਖੇ ਸਥਿਤ ਸ਼੍ਰੋਮਣੀ ਕਮੇਟੀ ਦੇ ਫਾਰਮ ਹਾਊਸ ਵਿਖੇ ਧਰਮ ਪ੍ਰਚਾਰ ਕੇਂਦਰ ਬਣਾਉਣ ਲਈ ਵਿਚਾਰ ਕੀਤੀ ਜਾਵੇਗੀ।

ਇਸਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਸਰਹੱਦੀ ਇਲਾਕੇ ਦੇ ਗ੍ਰੰਥੀਆਂ ਤੇ ਪਾਠੀ ਸਿੰਘਾਂ ਦੀ ਸਥਿਤੀ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਇਸ ਖੇਤਰ ਅੰਦਰ ਵੱਡੀ ਗਿਣਤੀ ਵਿਚ ਗੁਰੂ ਘਰਾਂ ਦੀ ਸੇਵਾ ਨਿਭਾਅ ਰਹੇ ਸੇਵਾਦਾਰ ਖ਼ਾਲਸਾਈ ਸਰੂਪ ਤੋਂ ਟੁੱਟੇ ਹੋਏ ਸਨ ਅਤੇ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਮੁਹਿੰਮ ਤਹਿਤ ਕੀਤੀ ਗਈ ਪ੍ਰੇਰਣਾ ਨਾਲ ਇਹ ਅੱਜ ਸਿੱਖੀ ਦੀ ਮੁਖ ਧਾਰਾ ਵਿਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਬੇਸ਼ੱਕ ਇਹ ਸਿੱਖੀ ਸਰੂਪ ਤੋਂ ਤਾਂ ਦੂਰ ਸਨ ਪਰ ਇਨ੍ਹਾਂ ਅੰਦਰ ਸਿੱਖੀ ਪ੍ਰਤੀ ਪਿਆਰ ਤੇ ਸਤਿਕਾਰ ਦੀ ਭਾਵਨਾ ਬਰਕਰਾਰ ਸੀ। ਇਸੇ ਦੌਰਾਨ ਗ੍ਰੰਥੀਆਂ ਵੱਲੋਂ ਵਿਖਾਏ ਗਏ ਪਿਆਰ ਦਾ ਜ਼ਿਕਰ ਕਰਦਿਆਂ ਭਾਈ ਗਰੇਵਾਲ ਭਾਵਕ ਵੀ ਹੋ ਗਏ। ਉਨ੍ਹਾਂ ਕਿਹਾ ਕਿ ਇਸ ਪਛੜੇ ਤੇ ਸਰਹੱਦੀ ਇਲਾਕੇ ਅੰਦਰ ਧਰਮ ਪ੍ਰਚਾਰ ਦੇ ਕਾਰਜ ਨਿਰੰਤਰ ਜਾਰੀ ਰਹਿਣਗੇ ਅਤੇ ਸਮੇਂ-ਸਮੇਂ 'ਤੇ ਅਜਿਹੇ ਸਮਾਗਮ ਕਰਕੇ ਗੁਰਸਿੱਖੀ ਸਰੂਪ ਵਿਚ ਆਉਣ ਵਾਲੀਆਂ ਸੰਗਤਾਂ ਨੂੰ ਸਨਮਾਨਿਤ ਕੀਤਾ ਜਾਂਦਾ ਰਹੇਗਾ। ਸਮਾਗਮ ਦੌਰਾਨ ਜਥੇਦਾਰ ਚਰਨ ਸਿੰਘ ਅਤੇ ਸਿੱਖੀ ਸਰੂਪ ਵੱਲ ਪਰਤੇ ਗ੍ਰੰਥੀਆਂ ਵਿੱਚੋਂ ਭਾਈ ਸ਼ਾਮ ਲਾਲ ਤੋਂ ਸ਼ਾਮ ਸਿੰਘ ਬਣੇ ਗ੍ਰੰਥੀ ਸਿੰਘ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।

ਇਸ ਮੌਕੇ 125 ਦੇ ਕਰੀਬ ਗ੍ਰੰਥੀ ਤੇ ਪਾਠੀ ਸਿੰਘਾਂ ਜਿਨ੍ਹਾਂ ਨੇ ਸਿੱਖੀ ਸਰੂਪ ਧਾਰਨ ਕੀਤਾ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਭਾਈ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਸੂਬਾ ਸਿੰਘ ਸਮੇਤ ਹੋਰਾਂ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਸਨਮਾਨ ਚਿਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੂੰ ਹਲਕਾ ਮੈਂਬਰ ਜਥੇਦਾਰ ਸੂਬਾ ਸਿੰਘ ਅਤੇ ਭਾਈ ਗੁਰਚਰਨ ਸਿੰਘ ਗਰੇਵਾਲ ਵੱਲੋਂ ਸਨਮਾਨਿਤ ਕੀਤਾ ਗਿਆ, ਜਦਕਿ ਇਲਾਕੇ ਅੰਦਰ ਨਿਭਾਈਆਂ ਪ੍ਰਚਾਰ ਸੇਵਾਵਾਂ ਬਦਲੇ ਪ੍ਰਚਾਰਕ ਭਾਈ ਜਸਵਿੰਦਰਪਾਲ ਸਿੰਘ ਨੂੰ ਵੀ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਨਮਾਨਿਤ ਕੀਤਾ।

ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਜਗਬੀਰ ਸਿੰਘ ਕਥਾਵਾਚਕ ਨੇ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜਿਆ। ਸਟੇਜ ਦੀ ਸੇਵਾ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਜਨਰਲ ਸਕੱਤਰ ਭਾਈ ਦਿਲਬਾਗ ਸਿੰਘ ਵਿਰਕ ਨੇ ਨਿਭਾਈ ਅਤੇ ਪਹੁੰਚੀਆਂ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਵੀ ਧੰਨਵਾਦ ਕੀਤਾ। ਇਸੇ ਦੌਰਾਨ ਨੌਜੁਆਨਾਂ ਤੇ ਬੱਚਿਆਂ ਦੇ ਸੁੰਦਰ ਦਸਤਾਰ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ 'ਚ ਅਵੱਲ ਆਉਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮੈਡਲ ਦੇ ਕੇ ਨਿਵਾਜਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਊਦੈ ਸਿੰਘ ਲੌਂਗੋਵਾਲ, ਜਥੇਦਾਰ ਸੂਬਾ ਸਿੰਘ ਡੱਬਵਾਲਾ, ਜਥੇਦਾਰ ਚਰਨ ਸਿੰਘ ਚੇਅਰਮੈਨ, ਸ. ਦਿਲਬਾਗ ਸਿੰਘ ਵਿਰਕ ਜਨਰਲ ਸਕੱਤਰ ਫੈਡਰੇਸ਼ਨ, ਸ. ਕੇਵਲ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ, ਸ. ਦਰਸ਼ਨ ਸਿੰਘ ਨਿੱਜੀ ਸਹਾਇਕ, ਸ. ਬਲਦੇਵ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਮੁਕਤਸਰ ਸਾਹਿਬ, ਸ. ਗੁਰਕੀਰਤਨ ਸਿੰਘ ਜ਼ਿਲ੍ਹਾ ਪ੍ਰਧਾਨ ਫਾਜ਼ਿਲਕਾ, ਸ. ਪ੍ਰਮਿੰਦਰ ਸਿੰਘ ਰੋੜਾ ਵਾਲੀ ਜ਼ਿਲ੍ਹਾ ਪ੍ਰਧਾਨ ਮੁਕਤਸਰ ਸਾਹਿਬ, ਸ. ਹਰਜਿੰਦਰ ਸਿੰਘ ਤੜੋਪੜੀ, ਜਗਸੀਰ ਸਿੰਘ ਲੱਦੂਵਾਲਾ, ਸ. ਸਤਵੰਤ ਸਿੰਘ ਮੁਰਕਵਾਲਾ, ਸ. ਹਰਪ੍ਰੀਤ ਸਿੰਘ ਚੱਕਪੱਕੀ, ਭਾਈ ਪਰਮਜੀਤ ਸਿੰਘ ਪ੍ਰਧਾਨ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

## ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪੰਦ੍ਹਰਵਾਂ ਹਫ਼ਤਾਵਾਰੀ ਗੁਰਮਤਿ ਸਮਾਗਮ

### 282 ਪ੍ਰਾਣੀਆਂ ਨੇ ਕੀਤੀ ਅੰਮ੍ਰਿਤ ਦੀ ਦਾਤ ਪ੍ਰਾਪਤ



ਤਲਵੰਡੀ ਸਾਬੋ, 6 ਮਈ -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਗੁਰਮਤਿ ਪ੍ਰਚਾਰ ਲਹਿਰ ਅਤੇ ਹਫ਼ਤਾਵਾਰੀ ਸਮਾਗਮਾਂ ਦੀ ਲੜੀ ਤਹਿਤ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪੰਦ੍ਹਰਵਾਂ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਦੌਰਾਨ ਵਹੀਰ ਵਿਚ ਸ਼ਾਮਿਲ ਰਾਗੀ ਜਥੇ, ਢਾਡੀ ਜਥੇ ਅਤੇ ਪ੍ਰਚਾਰਕ ਆਪੋ-ਆਪਣੇ ਹਲਕੇ ਦੀਆਂ ਸੰਗਤਾਂ ਸਮੇਤ ਸ਼ਾਮਿਲ ਹੋਏ।

ਹਫ਼ਤਾਵਾਰੀ ਗੁਰਮਤਿ ਸਮਾਗਮ ਦੌਰਾਨ ਭਾਈ ਅੰਮ੍ਰਿਤਪਾਲ ਸਿੰਘ ਹਜ਼ੂਰੀ ਰਾਗੀ ਤੇ ਭਾਈ ਸੰਤੋਖ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਰਣਜੀਤ ਸਿੰਘ ਨੰਗਲ ਪੰਨੂਆ ਕਵੀਸ਼ਰੀ ਜਥਾ, ਭਾਈ ਤਰਸੇਮ ਸਿੰਘ ਪ੍ਰੀਤ ਢਾਡੀ ਜਥਾ, ਭਾਈ ਤਰਸੇਮ ਸਿੰਘ ਖੇਤਲਾ ਢਾਡੀ ਜਥਾ, ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ, ਭਾਈ ਤਰਲੋਚਨ ਸਿੰਘ ਪ੍ਰਚਾਰਕ, ਭਾਈ ਨਿਰਭੈ ਸਿੰਘ ਜਿਉਂਦ ਅਤੇ ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ ਵੱਲੋਂ ਗੁਰੂ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਸ. ਭੋਲਾ ਸਿੰਘ ਇੰਚਾਰਜ ਸਬ ਆਫ਼ਿਸ ਧਰਮ ਪ੍ਰਚਾਰ ਲਹਿਰ ਨੇ ਦੱਸਿਆ ਕਿ ਗੁਰਮਤਿ ਪ੍ਰਚਾਰ ਵਹੀਰ ਦੀ ਪ੍ਰੇਰਨਾ ਸਦਕਾ ਅੱਜ ਦੇ ਸਮਾਗਮ ਵਿਚ ਵੱਖ-ਵੱਖ ਇਲਾਕਿਆਂ ਤੋਂ 282 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ ਹੈ।

ਇਸ ਮੌਕੇ ਤਖ਼ਤ ਸਾਹਿਬ ਦੇ ਮੈਨੇਜਰ ਸ. ਕਰਨ ਸਿੰਘ, ਸ. ਭੋਲਾ ਸਿੰਘ ਇੰਚਾਰਜ ਸਬ ਆਫ਼ਿਸ ਧਰਮ ਪ੍ਰਚਾਰ, ਭਾਈ ਬਲਵੀਰ ਸਿੰਘ ਰਾਏਪੁਰ, ਭਾਈ ਸਵਰਨ ਸਿੰਘ ਮੂਸਾ, ਭਾਈ ਅਮਨਦੀਪ ਸਿੰਘ, ਭਾਈ ਮਨਦੀਪ ਸਿੰਘ ਮਾਖਾ, ਭਾਈ ਕੁਲਵਿੰਦਰ ਸਿੰਘ ਬੰਗੀ ਤੇ ਭਾਈ ਗੁਰਦੀਪ ਸਿੰਘ ਦੁਫੇੜਾ ਆਦਿ ਮੌਜੂਦ ਸਨ।

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਰਹੱਦੀ ਪਿੰਡਾਂ ਦੇ ਲੋੜਵੰਦ ਅਤੇ ਗਰੀਬ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸ਼ੁਰੂ ਕੀਤੀਆਂ ਗਈਆਂ ਮੈਡੀਕਲ ਮੋਬਾਈਲ ਵੈਨਾਂ ਵੱਲੋਂ ਵੱਖ-ਵੱਖ ਪਿੰਡਾਂ ਵਿਚ ਲਗਾਏ ਜਾ ਰਹੇ ਮੈਡੀਕਲ ਕੈਂਪਾਂ ਦੀਆਂ ਝਲਕੀਆਂ
















16 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਸਿੰਘ ਸਭਾ ਫਾਜ਼ਿਲਕਾ ਵਿਖੇ 60 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



18 ਅਪ੍ਰੈਲ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 185 ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ।



7 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਸਿੰਘ ਸਭਾ ਬਠਿੰਡਾ ਵਿਖੇ 28, ਗੁਰਦੁਆਰਾ ਗੰਗਸਰ ਜੈਤੋ ਵਿਖੇ 37 ਅਤੇ ਗੁਰਦੁਆਰਾ ਸਾਹਿਬ ਪਿੰਡ ਦਿਓਣ (ਬਠਿੰਡਾ) ਵਿਖੇ 37 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਮਿਤੀ 14 ਅਪ੍ਰੈਲ 2018 ਨੂੰ ਖਾਲਸਾ ਦਿਵਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 1335 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



25 ਅਪ੍ਰੈਲ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 318, ਪਿੰਡ ਦੇਸੂ ਜੋਧਾ (ਹਰਿਆਣਾ) ਵਿਖੇ 45 ਅਤੇ ਪਿੰਡ ਗੰਗਾਨਗਰ ਵਿਖੇ 41 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ।



3 ਅਪ੍ਰੈਲ ਨੂੰ ਗੁਰਦੁਆਰਾ ਸਾਹਿਬ ਪਿੰਡ ਰਾਏਪੁਰ (ਮਾਨਸਾ) ਵਿਖੇ 153 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

# ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਵੱਖ-ਵੱਖ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਵਿਖੇ ਜਾ ਕੇ ਵਿਦਿਆਰਥੀਆਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਗੁਰਮਤਿ ਅਤੇ ਸਿੱਖ ਇਤਿਹਾਸ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ












# ਧਰਮ ਪ੍ਰਚਾਰ ਕਮੇਟੀ ਵੱਲੋਂ ਕੇਂਦਰੀ ਜੇਲ੍ਹ ਅੰਮ੍ਰਿਤਸਰ ਵਿਖੇ ਗੁਰਮਤਿ ਸਮਾਗਮ 97 ਪ੍ਰਾਣੀਆਂ ਨੂੰ ਅੰਮ੍ਰਿਤਪਾਨ ਕਰਵਾਇਆ



ਅੰਮ੍ਰਿਤਸਰ, 20 ਅਪ੍ਰੈਲ - ਖ਼ਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਵਿਸ਼ੇਸ ਅੰਮ੍ਰਿਤ ਸੰਚਾਰ ਤੇ ਗੁਰਮਤਿ ਸਮਾਗਮ ਅੰਮ੍ਰਿਤਸਰ ਸਥਿਤ ਕੇਂਦਰੀ ਜੇਲ੍ਹ ਵਿਖੇ ਕਰਵਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਤਹਿਤ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅੰਤ੍ਰਿਗ ਕਮੇਟੀ ਮੈਂਬਰ ਅਤੇ ਭਾਈ ਸਰਵਨ ਸਿੰਘ ਅਗਵਾਨ ਦੇ ਉਦਮ ਅਤੇ ਸ. ਅਰਸ਼ਦੀਪ ਸਿੰਘ ਗਿੱਲ ਸੁਪਰਡੈਂਟ ਜੇਲ੍ਹ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਅੰਮ੍ਰਿਤ ਸੰਚਾਰ ਸਮਾਗਮ ਸਮੇਂ 97 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਦਸਿਆ ਕਿ ਕੇਂਦਰੀ ਜੇਲ੍ਹ ਵਿਖੇ ਹਰ ਮਹੀਨੇ ਦੀ ਸੰਗਰਾਂਦ ਅਤੇ ਗੁਰਪੁਰਬਾਂ ਮੌਕੇ ਗੁਰਮਤਿ ਸਮਾਗਮ ਹੁੰਦੇ ਹਨ। ਇਨ੍ਹਾਂ ਸਮਾਗਮਾਂ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਰਸਦਾਂ ਭੇਜੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰਪੁਰਬਾਂ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ ਪ੍ਰਬੰਧ ਕੀਤੇ ਜਾਂਦੇ ਹਨ।

ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕਰਵਾਏ ਗਏ ਗੁਰਮਤਿ ਸਮਾਗਮਾਂ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਤਹਿਤ ਅੰਮ੍ਰਿਤ ਸੰਚਾਰ ਦਾ ਵਿਸ਼ੇਸ ਪ੍ਰਬੰਧ ਕੀਤਾ ਗਿਆ ਜਿਸ ਵਿਚ ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਚਾਰਕ ਭਾਈ ਤਰਸੇਮ ਸਿੰਘ, ਸ. ਅਰਸ਼ਦੀਪ ਸਿੰਘ ਸੁਪਰਡੈਂਟ ਜੇਲ, ਸ. ਬਲਵਿੰਦਰ ਸਿੰਘ ਡੀ. ਐਸ. ਪੀ., ਸ੍ਰੀ ਅਮਨ ਅਰੌੜਾ ਡਿਪਟੀ ਸੁਪਰਡੈਂਟ, ਸ. ਗੁਰਜੰਟ ਸਿੰਘ ਵੈਲਫੇਅਰ ਇੰਚਾਰਜ, ਭਾਈ ਨਰੈਣ ਸਿੰਘ ਚੌੜਾ, ਸ. ਰਜਿੰਦਰ ਸਿੰਘ ਵੈਰੋਕੇ, ਸ. ਪਰਮਜੀਤ ਸਿੰਘ, ਸ. ਗੁਰਦੀਪ ਸਿੰਘ ਖੇੜਾ, ਭਾਈ ਬਲਜੀਤ ਸਿੰਘ ਗ੍ਰੰਥੀ, ਭਾਈ ਗੁਰਮੀਤ ਸਿੰਘ ਗ੍ਰੰਥੀ ਆਦਿ ਹਾਜ਼ਰ ਸਨ।

# ਛੱਤੀਸਗੜ੍ਹ ਸੂਬੇ ਅੰਦਰ ਸਿੱਖ ਮਿਸ਼ਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ -ਭਾਈ ਲੌਂਗੋਵਾਲ



ਅੰਮ੍ਰਿਤਸਰ 07 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਬਿਲਾਸਪੁਰ (ਛੱਤੀਸਗੜ੍ਹ) ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਿਆਲਬੰਦ 'ਚ ਕਰਵਾਏ ਗਏ ਇੱਕ ਗੁਰਮਤਿ ਸਮਾਮਗ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਛੱਤੀਸਗੜ੍ਹ ਸੂਬੇ ਅੰਦਰ ਸ਼੍ਰੋਮਣੀ ਕਮੇਟੀ ਧਰਮ ਪ੍ਰਚਾਰ ਲਹਿਰ ਨੂੰ ਪ੍ਰਫੁੱਲਤ ਕਰਨ ਲਈ ਕੋਈ ਕਸਰ ਨਹੀਂ ਛੱਡੇਗੀ ਅਤੇ ਇਥੇ ਸਥਿਤ ਸਿੱਖ ਮਿਸ਼ਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਛੱਤੀਸਗੜ੍ਹ ਦੇ ਸਿੱਖ ਆਗੂਆਂ ਅਤੇ ਸੰਗਤਾਂ ਵੱਲੋਂ ਕੀਤੇ ਜਾਂਦੇ ਧਰਮ ਪ੍ਰਚਾਰ ਕਾਰਜਾਂ ਦੀ ਪ੍ਰਸ਼ੰਸਾ ਵੀ ਕੀਤੀ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਸਮੇਤ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ ਅਤੇ ਸ. ਦਰਸ਼ਨ ਸਿੰਘ ਨਿੱਜੀ ਸਹਾਇਕ ਛੱਤੀਸਗੜ੍ਹ ਦੀਆਂ ਸੰਗਤਾਂ ਵੱਲੋਂ ਰੱਖੇ ਗਏ ਵੱਖ-ਵੱਖ ਸਮਾਗਮਾਂ ਲਈ ਦੋ ਦਿਨਾਂ ਦੌਰੇ 'ਤੇ ਗਏ ਹਨ। ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਛੱਤੀਸਗੜ੍ਹ ਤੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਛੱਤੀਸਗੜ੍ਹ ਪਹੁੰਚਣ 'ਤੇ ਸੰਗਤਾਂ ਵੱਲੋਂ ਖ਼ਾਲਸਾਈ ਜਾਹੋ-ਜਲਾਲ ਨਾਲ ਸਵਾਗਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸਥਾਨਕ ਸਿੱਖ ਆਗੂਆਂ ਵੱਲੋਂ ਵੱਖ-ਵੱਖ ਗੁਰੂ ਘਰਾਂ ਵਿਚ ਆਯੋਜਿਤ ਕੀਤੇ ਗਏ ਸਮਾਗਮਾਂ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹਿੱਸਾ ਲਿਆ ਅਤੇ ਸੰਗਤਾਂ ਦੀ ਮੰਗ 'ਤੇ ਗੁਰਬਾਣੀ ਕੀਰਤਨ ਦੀ ਸਿਖਲਾਈ ਲਈ ਹਰਮੋਨੀਅਮ-ਤਬਲਾ ਆਦਿ ਸਾਜ਼ ਦੇਣ ਅਤੇ ਸਿੱਖ ਨੌਜੁਆਨਾਂ ਨੂੰ ਗਤਕਾ ਸਿਖਲਾਈ ਲਈ ਗਤਕਾ ਕਿੱਟਾਂ ਦੇਣ ਦਾ ਐਲਾਨ ਕੀਤਾ। ਉਨ੍ਹਾਂ ਦੱਸਿਆ ਕਿ ਛੱਤੀਸਗੜ੍ਹ ਸੂਬੇ ਅੰਦਰ ਸ਼੍ਰੋਮਣੀ ਕਮੇਟੀ ਵੱਲੋਂ ਵੱਡੀ ਗਿਣਤੀ ਵਿਚ ਭੇਟਾ ਰਹਿਤ ਲਿਟਰੇਚਰ ਭੇਜਿਆ ਜਾਵੇਗਾ ਅਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਿਆਲਬੰਦ ਵਿਖੇ ਲਾਇਬ੍ਰੇਰੀ ਸਥਾਪਤ ਕੀਤੀ ਜਾਵੇਗੀ। ਇਸ ਦੌਰਾਨ ਵੱਖ-ਵੱਖ ਗੁਰਦੁਆਰਾ ਕਮੇਟੀਆਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਉਨ੍ਹਾਂ ਨਾਲ ਗਈਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ।
ਇਸ ਮੌਕੇ ਛੱਤੀਸਗੜ੍ਹ ਸਿੱਖ ਮਿਸ਼ਨ ਦੇ ਮੁਖੀ ਸ. ਗੁਰਮੀਤ ਸਿੰਘ, ਸ. ਅਮਰਜੀਤ ਸਿੰਘ ਦੂਆ, ਸ. ਪ੍ਰੀਤਮ ਸਿੰਘ ਸਲੂਜਾ, ਸ. ਵਿਕਰਮ ਸਿੰਘ, ਸ. ਚਰਾਜੀਤ ਸਿੰਘ ਖਨੂਜਾ, ਸ. ਸੁਰਿੰਦਰ ਸਿੰਘ ਛਾਬੜਾ, ਸ. ਪ੍ਰੀਤਪਾਲ ਸਿੰਘ ਗੰਭੀਰ, ਸ. ਨਰਿੰਦਰ ਸਿੰਘ ਹੋਰਾ, ਸ. ਨਵਦੀਪ ਸਿੰਘ ਅਰੋੜਾ, ਸ. ਗਗਨਦੀਪ ਸਿੰਘ ਛਾਬੜਾ, ਸ. ਤਵਿੰਦਰਪਾਲ ਸਿੰਘ ਅਰੋੜਾ, ਸ. ਜੋਗਿੰਦਰ ਸਿੰਘ ਗੰਭੀਰ ਆਦਿ ਮੌਜੂਦ ਸਨ।

# ਗੁਰਦੁਆਰਾ ਪਾ: ਛੇਵੀਂ ਮਾਦੋਕੇ ਬਰਾੜ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ



ਮਾਦੋਕੇ - ਧਰਮ ਪ੍ਰਚਾਰ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ ਤੇ ਸ. ਵੀਰ ਸਿੰਘ ਲੋਪੋਕੇ ਸਾਬਕਾ ਵਿਧਾਇਕ ਦੇ ਸਹਿਯੋਗ ਨਾਲ ਗੁਰਦੁਆਰਾ ਪਾਤਸ਼ਾਹੀ ਛੇਵੀਂ ਮਾਦੋਕੇ ਬਰਾੜ ਤਹਿ: ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਗੁਰਮਤਿ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਵਿੰਦਰ ਸਿੰਘ ਦੇ ਜੱਥੇ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ 174 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਸਮੇਂ ਸ. ਵੀਰ ਸਿੰਘ ਲੋਪੋਕੇ ਸਾਬਕਾ ਵਿਧਾਇਕ ਤੇ ਸ. ਸੁਰਜੀਤ ਸਿੰਘ ਭਿੱਟੇਵਡ ਮੈਂਬਰ ਸ਼੍ਰੋਮਣੀ ਕਮੇਟੀ ਨੇ ਸੰਗਤਾਂ ਦਾ ਧੰਨਵਾਦ ਕੀਤਾ ਤੇ ਪੰਜ ਪਿਆਰੇ ਸਾਹਿਬਾਨ ਅਤੇ ਬੁਲਾਰਿਆਂ ਨੂੰ ਸਨਮਾਨਿਤ ਕੀਤਾ।

# ਆਈ.ਏ.ਐਸ., ਆਈ.ਪੀ.ਐਸ. ਤੇ ਪੀ.ਸੀ.ਐਸ. ਪਾਸ ਕਰਨ ਵਾਲੇ ਸਾਬਤ ਸੂਰਤ ਸਿੱਖਾਂ ਨੂੰ ਦਿੱਤੇ ਜਾਣਗੇ ਵਿਸ਼ੇਸ਼ ਇਨਾਮ-ਭਾਈ ਲੌਂਗੋਵਾਲ



ਤਲਵੰਡੀ ਸਾਬੋ, 20 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਇਥੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਇਕੱਤਰਤਾ ਦੌਰਾਨ ਜਿਥੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਸਿੱਖ ਰੈਫਰੈਂਸ ਲਾਇਬ੍ਰੇਰੀ ਦੀ ਨਵੀਂ ਇਮਾਰਤ ਬਣਾਉਣ ਨੂੰ ਪ੍ਰਵਾਨਗੀ ਦਿੱਤੀ ਗਈ, ਉਥੇ ਹੀ ਵੱਖ-ਵੱਖ ਮੁਕਾਬਲਾ ਪ੍ਰੀਖਿਆਵਾਂ ਵਿੱਚ ਚੁਣੇ ਜਾਣ ਵਾਲੇ ਸਾਬਤ ਸੂਰਤ ਸਿੱਖ ਉਮੀਦਵਾਰਾਂ ਨੂੰ ਵੀ ਵਿਸ਼ੇਸ਼ ਇਨਾਮ ਦੇਣ ਦਾ ਫੈਸਲਾ ਲਿਆ ਗਿਆ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਕਾਲਜਾਂ 'ਚ ਪੜ੍ਹਦੇ ਅੰਮ੍ਰਿਤਧਾਰੀ ਸਿੱਖ ਬੱਚਿਆਂ ਦੀਆਂ ਫੀਸਾਂ ਲਈ ਵਿਸ਼ੇਸ਼ ਛੋਟ ਦੇਣ ਸਬੰਧੀ ਵੀ ਪ੍ਰਵਾਨਗੀ ਦਿੱਤੀ ਗਈ।

ਇਕੱਤਰਤਾ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਸਿੱਖ ਰੈਫਰੈਂਸ ਲਾਇਬ੍ਰੇਰੀ ਦੀ ਨਵੀਂ ਇਮਾਰਤ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 1984 ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਤਬਾਹ ਕੀਤਾ ਗਿਆ ਅਤੇ ਇਸ ਤੋਂ ਇਲਾਵਾ ਬਹੁਤ ਸਾਰਾ ਪੁਰਾਤਨ ਸਿੱਖ ਸਾਹਿਤ ਭਾਰਤੀ ਫ਼ੌਜ ਵੱਲੋਂ ਉਠਾ ਲਿਆ ਗਿਆ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਯਤਨਾ ਸਦਕਾ ਅੱਜ ਇਹ ਲਾਇਬ੍ਰੇਰੀ ਫਿਰ ਸਾਹਿਤਕ ਖ਼ਜ਼ਾਨੇ ਨਾਲ ਭਰਪੂਰ ਹੋ ਰਹੀ ਹੈ ਅਤੇ ਅਗਲੇ ਸਮੇਂ ਵਿਚ ਇਸ ਦੀ ਨਵੀਂ ਇਮਾਰਤ ਬਣਾਉਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਇਮਾਰਤ ਅੰਮ੍ਰਿਤਸਰ ਸਥਿਤ ਭਾਈ ਗੁਰਦਾਸ ਹਾਲ (ਟਾਊਨ ਹਾਲ) ਵਿਖੇ ਉਸਾਰੀ ਜਾਵੇਗੀ ਅਤੇ ਇਥੇ ਹੀ ਇਕ ਵਿਸ਼ਾਲ ਸਰਾਂ ਦਾ ਵੀ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਫੈਸਲਿਆਂ ਸਬੰਧੀ ਦੱਸਿਆ ਕਿ ਆਈ.ਏ.ਐਸ., ਆਈ.ਪੀ.ਐਸ. ਅਤੇ ਇਸ ਦੇ ਬਰਾਬਰ ਦੀਆਂ ਪ੍ਰੀਖਿਆਵਾਂ 'ਚ ਚੁਣੇ ਜਾਣ ਵਾਲੇ ਸਾਬਤ ਸੂਰਤ ਸਿੱਖ ਉਮੀਦਵਾਰਾਂ ਨੂੰ ਇੱਕ-ਇੱਕ ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ, ਜਦਕਿ ਪੀ.ਸੀ.ਐਸ. ਲਈ ਚੁਣੇ ਜਾਣ ਵਾਲੇ ਉਮੀਦਵਾਰਾਂ ਲਈ 75 ਹਜ਼ਾਰ ਰੁਪਏ ਇਨਾਮ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਖੇਤੀਬਾੜੀ ਤੇ ਸਾਇੰਸ ਆਦਿ ਦੇ ਖੇਤਰ ਵਿਚ ਖੋਜ ਕਾਰਜ ਕਰਨ ਵਾਲੇ ਸਾਬਤ ਸੂਰਤ ਸਿੱਖਾਂ ਲਈ ਵੀ ਇੱਕ-ਇੱਕ ਲੱਖ ਰੁਪਏ ਦੀ ਇਨਾਮੀ ਰਾਸ਼ੀ ਦੇਣ ਦਾ ਫੈਸਲਾ ਹੋਇਆ ਹੈ। ਭਾਈ ਲੌਂਗੋਵਾਲ ਨੇ ਅੱਗੇ ਦੱਸਿਆ ਕਿ ਭਾਰਤ ਦੇ ਸਾਰੇ ਬੋਰਡਾਂ ਵਿੱਚੋਂ ਪਹਿਲੀਆਂ 20 ਪੁਜੀਸ਼ਨਾਂ ਤੇ ਆਉਣ ਵਾਲੇ ਅੰਮ੍ਰਿਤਧਾਰੀ ਸਿੱਖ ਵਿਦਿਆਰਥੀਆਂ ਨੂੰ ਵੀ 51-51 ਹਜ਼ਾਰ ਰੁਪਏ ਦੇ ਇਨਾਮ ਦਿੱਤੇ ਜਾਣਗੇ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਸਕੂਲਾਂ ਕਾਲਜਾਂ 'ਚ ਪੜ੍ਹਦੇ ਅੰਮ੍ਰਿਤਧਾਰੀ ਬੱਚਿਆਂ ਦੀ ਫੀਸਾਂ ਸਬੰਧੀ ਦੱਸਿਆ ਕਿ ਅੰਮ੍ਰਿਤਧਾਰੀ ਮਾਪਿਆਂ ਦੇ ਅੰਮ੍ਰਿਤਧਾਰੀ ਬੱਚਿਆਂ ਨੂੰ ਛੇਵੀਂ ਤੋਂ ਲੈ ਕੇ ਐਮ.ਏ. ਤੱਕ ਵਿਸ਼ੇਸ਼ ਸਾਲਾਨਾ ਸਹਾਇਤਾ ਦਿੱਤੀ ਜਾਵੇਗੀ। ਇਸ ਤਹਿਤ ਛੇਵੀਂ ਤੋਂ ਦਸਵੀਂ ਤੱਕ 3500 ਰੁਪਏ, ਦਸਵੀਂ ਤੋਂ ਬਾਰ੍ਹਵੀਂ ਤੱਕ 5 ਹਜ਼ਾਰ ਰੁਪਏ, ਗ੍ਰੈਜੁਏਸ਼ਨ ਲਈ 8 ਹਜ਼ਾਰ ਰੁਪਏ ਅਤੇ ਐਮ.ਏ. ਦੇ ਵਿਦਿਆਰਥੀਆਂ ਲਈ 10 ਹਜ਼ਾਰ ਰੁਪਏ ਸਾਲਾਨਾ ਦੇਣ ਦਾ ਫੈਸਲਾ ਹੋਇਆ ਹੈ।

## ਬੋਰਡ ਪ੍ਰੀਖਿਆਵਾਂ 'ਚ ਪਹਿਲੇ 20 ਸਥਾਨਾਂ 'ਚ ਆਉਣ ਵਾਲੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ 51-51 ਹਜ਼ਾਰ ਰੁਪਏ ਦੇਣ ਦਾ ਫੈਸਲਾ

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਆਸਟ੍ਰੇਲੀਆ ਵਿਚ ਹੋਈਆਂ ਰਾਸ਼ਟਰ ਮੰਡਲ ਖੇਡਾਂ ਦੌਰਾਨ ਐਥਲੈਟਿਕਸ ਦੇ ਡਿਸਕਸ ਥਰੋ ਮੁਕਾਬਲੇ 'ਚ ਕਾਂਸੀ ਦਾ ਤਗਮਾ ਜਿੱਤਣ ਵਾਲੀ ਨਵਜੀਤ ਕੌਰ ਨੂੰ ਸ਼੍ਰੋਮਣੀ ਕਮੇਟੀ ਵਿਸ਼ੇਸ਼ ਸਨਮਾਨ ਦੇਵੇਗੀ। ਇਸ ਤੋਂ ਇਲਾਵਾ ਤਰਨ ਤਾਰਨ ਦੇ ਪਿੰਡ ਮੁਗਲਚੱਕ ਦੀਆਂ ਇਕੋ ਪਰਿਵਾਰ ਦੀ ਤਿੰਨ ਬੱਚੀਆਂ ਰਾਜਵਿੰਦਰ ਕੌਰ, ਮਨਦੀਪ ਕੌਰ ਅਤੇ ਵੀਰਪਾਲ ਕੌਰ ਨੂੰ ਖੇਡਾਂ ਦੇ ਖੇਤਰ ਵਿਚ ਪ੍ਰਾਪਤੀਆਂ ਕਰਨ ਬਦਲੇ ਸਨਮਾਨਿਤ ਕੀਤਾ ਜਾਵੇਗਾ। ਇਸੇ ਅਨੁਸਾਰ ਸਤੰਬਰ 2017 ਵਿਚ ਰਾਸ਼ਟਰ ਮੰਡਲ ਖੇਡਾਂ 'ਚ ਵੇਟ ਲਿਫਟਿੰਗ ਮੁਕਾਬਲੇ 'ਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਰਮਨਦੀਪ ਕੌਰ ਨੂੰ ਵੀ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਹੋਰ ਫੈਸਲਿਆਂ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁਰਾਣੀ ਸ੍ਰੀ ਗੁਰੂ ਰਾਮਦਾਸ ਸਰਾਂ ਦੀ ਜਗ੍ਹਾ ਨਵੀਂ ਸਰਾਂ ਬਣਾਈ ਜਾਵੇਗੀ ਅਤੇ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਏਅਰਪੋਰਟ ਅੰਮ੍ਰਿਤਸਰ ਤੋਂ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਲੈ ਕੇ ਆਉਣ ਲਈ ਦੋ ਬੱਸਾਂ ਖ਼ਰੀਦੀਆਂ ਜਾਣਗੀਆਂ। ਭਾਈ ਲੌਂਗੋਵਾਲ ਨੇ ਇਕ ਹੋਰ ਫੈਸਲੇ ਸਬੰਧੀ ਜਾਣਕਾਰੀ ਦਿੱਤੀ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਰਾਗੀ ਭਾਈ ਅਮਰਜੀਤ ਸਿੰਘ ਝਾਂਸੀ ਜੋ ਪਿਛਲੇ ਦਿਨੀਂ ਕੀਰਤਨ ਕਰਦੇ ਸਮੇਂ ਹਾਰਟ ਅਟੈਕ ਨਾਲ ਚਲਾਣਾ ਕਰ ਗਏ ਸਨ, ਦੀ ਪਤਨੀ ਨੂੰ 5 ਹਜ਼ਾਰ ਰੁਪਏ ਮਹੀਨਾ 5 ਸਾਲ ਲਈ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਦਿੱਤੇ ਜਾਣਗੇ। ਇਸ ਤੋਂ ਇਲਾਵਾ ਭਾਈ ਝਾਂਸੀ ਦੀ ਬੇਟੀ ਨੂੰ ਯੋਗਤਾ ਅਨੁਸਾਰ ਨੌਕਰੀ ਵੀ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਭਾਈ ਝਾਂਸੀ ਦੇ ਪਰਿਵਾਰ ਨੂੰ ਸ਼੍ਰੋਮਣੀ ਕਮੇਟੀ ਵੱਲੋਂ 1 ਲੱਖ 25 ਹਜ਼ਾਰ ਰੁਪਏ ਦੀ ਸਹਾਇਤਾ ਵੀ ਦਿੱਤੀ ਜਾ ਚੁੱਕੀ ਹੈ।

ਇਸ ਤੋਂ ਇਰਾਕ ਵਿਚ ਮਾਰੇ ਗਏ 39 ਭਾਰਤੀਆਂ ਅਤੇ ਕਠੂਆ ਵਿਖੇ ਹੈਵਾਨੀ ਦਰਿੰਦਿਆਂ ਵੱਲੋਂ ਮਾਸੂਮ ਬੱਚੀ ਨਾਲ ਬਦਚਲਨੀ ਤੋਂ ਬਾਅਦ ਮਾਰਨ ਦੀ ਘਟਨਾ ਸਬੰਧੀ ਸ਼ੋਕ ਮਤੇ ਪਾਸ ਕੀਤੇ ਗਏ ਅਤੇ ਮ੍ਰਿਤਕਾਂ ਨਮਿਤ ਮੂਲਮੰਤਰ ਅਤੇ ਗੁਰਮੰਤਰ ਦੇ ਜਾਪ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਹਰਪਾਲ ਸਿੰਘ ਜੱਲਾ, ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਅੰਤ੍ਰਿੰਗ ਮੈਂਬਰਾਨ ਸ. ਭਗਵੰਤ ਸਿੰਘ ਸਿਆਲਕਾ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ. ਗੁਰਤੇਜ ਸਿੰਘ ਢੱਡੇ, ਸ. ਨਵਤੇਜ ਸਿੰਘ ਕਾਉਣੀ, ਸ. ਹਰਦੇਵ ਸਿੰਘ ਰੋਗਲਾ, ਸ. ਸੱਜਣ ਸਿੰਘ ਬੱਜੂਮਾਨ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਬੀਬੀ ਗੁਰਪ੍ਰੀਤ ਕੌਰ, ਸ. ਰਵਿੰਦਰ ਸਿੰਘ ਚੱਕ ਤੇ ਸ. ਅਮਰੀਕ ਸਿੰਘ ਸ਼ਾਹਪੁਰ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ, ਵਧੀਕ ਸਕੱਤਰ ਸ. ਕੇਵਲ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਬਿਜੈ ਸਿੰਘ, ਸ. ਦਰਸ਼ਨ ਸਿੰਘ ਪੀ.ਏ., ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ ਸਮੇਤ ਹੋਰ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਲਗਾਏ ਜਾਣਗੇ ਵਿਦਿਆਰਥੀਆਂ ਦੇ ਗੁਰਮਤਿ ਕੈਂਪ ਰੂਪ-ਰੇਖਾ ਤੇ ਵਿਉਂਤਬੰਦੀ ਸਬੰਧੀ ਹੋਈ ਇਕੱਤਰਤਾ



ਅੰਮ੍ਰਿਤਸਰ, 6 ਮਈ-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸਕੂਲਾਂ ਕਾਲਜਾਂ ਵਿਚ ਪੜ੍ਹਦੇ ਵਿਦਿਆਰਥੀਆਂ ਦੇ ਗੁਰਮਤਿ ਟ੍ਰੇਨਿੰਗ ਅਤੇ ਸਿੱਖ ਨੌਜੁਆਨ ਲੀਡਰਸ਼ਿਪ ਗੁਰਮਤਿ ਕੈਂਪ ਲਗਾਏ ਜਾਣਗੇ। ਗਰਮੀਆਂ ਦੀਆਂ ਛੁੱਟੀਆਂ ਸਮੇਂ ਲਗਾਏ ਜਾਣ ਵਾਲੇ ਇਨ੍ਹਾਂ ਗੁਰਮਤਿ ਕੈਂਪਾਂ ਦੀ ਰੂਪ-ਰੇਖਾ ਅਤੇ ਵਿਉਂਤਬੰਦੀ ਲਈ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਦੀ ਅਗਵਾਈ ਵਿਚ ਅਧਿਕਾਰੀਆਂ ਅਤੇ ਸਕੂਲਾਂ/ਕਾਲਜਾਂ ਦੇ ਮੁਖੀਆਂ ਦੀ ਇਕ ਇਕੱਤਰਤਾ ਹੋਈ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਨੌਜੁਆਨਾਂ ਨੂੰ ਗੁਰਮਤਿ ਸੱਭਿਆਚਾਰ ਨਾਲ ਜੋੜਨ ਅਤੇ ਉਨ੍ਹਾਂ ਅੰਦਰ ਗੁਰਮਤਿ ਦੀ ਰੌਸ਼ਨੀ ਵਿਚ ਲੀਡਰਸ਼ਿਪ ਗੁਣ ਪੈਦਾ ਕਰਨ ਲਈ ਧਰਮ ਪ੍ਰਚਾਰ ਕਮੇਟੀ ਵੱਲੋਂ ਇਹ ਕੈਂਪ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰੇਰਣਾ ਅਤੇ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਚੱਲ ਰਹੀਆਂ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਗੁਰਮਤਿ ਨਾਲ ਜੋੜਨ ਲਈ ਜਿਥੇ ਧਾਰਮਿਕ ਅਧਿਆਪਕ ਨਿਯੁਕਤ ਕੀਤੇ ਗਏ ਹਨ, ਉਥੇ ਹੀ ਸਮੇਂ-ਸਮੇਂ 'ਤੇ ਅਜਿਹੇ ਕੈਂਪ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਜਿਥੇ ਵੱਖ-ਵੱਖ ਗੁਰਮਤਿ ਦੇ ਵਿਦਵਾਨਾਂ ਵੱਲੋਂ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ ਜਾਣਗੇ, ਉਥੇ ਹੀ ਇਨਾਮੀ ਮੁਕਾਬਲੇ ਕਰਵਾਉਣ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਇਨਾਮੀ ਮੁਕਾਬਲਿਆਂ ਵਿਚ ਢਾਡੀ, ਕਵੀਸ਼ਰੀ, ਸਿੱਖ ਵਿਰਾਸਤੀ ਸਵਾਲ ਜਵਾਬ, ਭਾਸ਼ਣ ਮੁਕਾਬਲੇ ਆਦਿ ਵਿਸ਼ੇਸ਼ ਹੋਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਸਬੰਧੀ ਰੂਪ-ਰੇਖਾ ਤਿਆਰ ਕਰਨ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਬਣਾਈ ਗਈ ਸਬ-ਕਮੇਟੀ ਦੀ ਇਕੱਤਰਤਾ ਵਿਚ ਕੈਂਪਾਂ ਨੂੰ ਯਾਦਗਾਰੀ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ ਹੈ ਅਤੇ ਇਨ੍ਹਾਂ ਕੈਂਪਾਂ ਦੇ ਸਥਾਨ ਤੇ ਸਮਾਂ ਜਲਦੀ ਤੈਅ ਕੀਤਾ ਜਾਵੇਗਾ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਦਿਲਜੀਤ ਸਿੰਘ ਬੇਦੀ, ਮੀਤ ਸਕੱਤਰ ਸ. ਸਿਮਰਜੀਤ ਸਿੰਘ, ਅਸਿਸਟੈਂਟ ਡਾਇਰੈਕਟਰ ਵਿਦਿਆ ਬੀਬੀ ਸਤਵੰਤ ਕੌਰ, ਖ਼ਾਲਸਾ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ, ਪ੍ਰਿੰਸੀਪਲ ਰਮਨਜੀਤ ਕੌਰ, ਪ੍ਰਿੰਸੀਪਲ ਤਰਨਜੀਤ ਸਿੰਘ, ਪ੍ਰਿੰਸੀਪਲ ਸਤਨਾਮ ਸਿੰਘ, ਪ੍ਰਿੰਸੀਪਲ ਰਾਜਿੰਦਰ ਕੌਰ, ਪ੍ਰਿੰਸੀਪਲ ਰਾਜਵਿੰਦਰ ਕੌਰ, ਪ੍ਰਿੰਸੀਪਲ ਪ੍ਰਭਦੀਪ ਕੌਰ ਅਤੇ ਡਾ. ਅਮਰਜੀਤ ਕੌਰ ਮੌਜੂਦ ਸਨ।




ਸ਼੍ਰੋਮਣੀ ਕਮੇਟੀ ਮੈਂਬਰ ਜਥੇ. ਮਨਜੀਤ ਸਿੰਘ ਬੱਪੀਆਣਾ ਦੀ ਅਗਵਾਈ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਲਕਾ ਜੋਗਾ ਜ਼ਿਲ੍ਹਾ ਮਾਨਸਾ ਦੀਆਂ ਸੰਗਤਾਂ ਲੰਗਰ ਸੇਵਾ ਲਈ ਪੁੱਜਣ ਸਮੇਂ।

## ਸ਼੍ਰੋਮਣੀ ਕਮੇਟੀ ਵੱਲੋਂ ਚਲਾਈ ਧਰਮ ਪ੍ਰਚਾਰ ਲਹਿਰ ਤਹਿਤ ਖ਼ਾਲਸਾ ਸਾਜਨਾ ਦਿਵਸ ਮੌਕੇ ਹਜ਼ਾਰਾਂ ਸੰਗਤਾਂ ਨੇ ਅੰਮ੍ਰਿਤਪਾਨ ਕੀਤਾ

ਅੰਮ੍ਰਿਤਸਰ 16 ਅਪ੍ਰੈਲ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਲਹਿਰ ਤਹਿਤ ਖ਼ਾਲਸਾ ਸਾਜਣਾ ਦਿਵਸ ਮੌਕੇ ਵੱਖ-ਵੱਖ ਥਾਵਾਂ 'ਤੇ ਕਰਵਾਏ ਗਏ ਅੰਮ੍ਰਿਤ ਸੰਚਾਰ 'ਚ ਹਜ਼ਾਰਾਂ ਪ੍ਰਾਣੀਆਂ ਨੇ ਅੰਮ੍ਰਿਤਪਾਨ ਕਰਕੇ ਗੁਰੂ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ। ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਚੱਲ ਰਹੀ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਹਿਰ ਨੂੰ ਵੱਡੇ ਪੱਧਰ 'ਤੇ ਹੁੰਗਾਰਾ ਮਿਲ ਰਿਹਾ ਹੈ ਅਤੇ ਇਸੇ ਤਹਿਤ ਵਿਸਾਖੀ ਪੁਰਬ ਸਮੇਂ ਵੱਖ-ਵੱਖ ਥਾਵਾਂ 'ਤੇ ਹੋਏ ਅੰਮ੍ਰਿਤ ਸੰਚਾਰ ਸਮਾਗਮਾਂ 'ਚ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਖੰਡੇ ਬਾਟੇ ਦਾ ਅੰਮ੍ਰਿਤਪਾਨ ਕੀਤਾ। ਉਨ੍ਹਾਂ ਦੱਸਿਆ ਕਿ ਖ਼ਾਲਸੇ ਦੇ ਸਾਜਣਾ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ 4500 ਤੋਂ ਵੱਧ ਪ੍ਰਾਣੀਆਂ ਨੇ ਅੰਮ੍ਰਿਤ ਛਕਿਆ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ 1300 ਦੇ ਕਰੀਬ ਪ੍ਰਾਣੀ ਗੁਰੂ ਵਾਲੇ ਬਣੇ ਹਨ। ਦੂਸਰੇ ਪਾਸੇ ਖ਼ਾਲਸਾ ਸਾਜਣਾ ਦਿਵਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਅੰਮ੍ਰਿਤ ਸੰਚਾਰ ਦੌਰਾਨ 2204 ਸੰਗਤਾਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਵੀ ਸ਼੍ਰੋਮਣੀ ਕਮੇਟੀ ਵੱਲੋਂ ਅੰਮ੍ਰਿਤ ਸੰਚਾਰ ਸਮਾਗਮਾਂ ਦਾ ਪ੍ਰਬੰਧ ਕੀਤਾ ਗਿਆ, ਜਿਨ੍ਹਾਂ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਗੁਰੂ ਵਾਲੀ ਬਣੀ। ਸ. ਬੇਦੀ ਨੇ ਕੁਝ ਗੁਰਦੁਆਰਾ ਸਾਹਿਬਾਨ ਤੋਂ ਪ੍ਰਾਪਤ ਹੋਈ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਗੁਰਦੁਆਰਾ ਚਰਨਕੰਵਲ ਸਾਹਿਬ ਮਾਛੀਵਾੜਾ ਵਿਖੇ 208, ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ 247, ਗੁਰਦੁਆਰਾ ਗਰਨਾ ਸਾਹਿਬ ਬੋਦਲ ਹੁਸ਼ਿਆਰ ਵਿਖੇ 236, ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਵਿਖੇ 138, ਗੁਰਦੁਆਰਾ ਸ੍ਰੀ ਭੱਠਾ ਸਾਹਿਬ ਰੋਪੜ ਵਿਖੇ 178, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਵਿਖੇ 470, ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ ਵਿਖੇ 151 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ।

ਸ. ਬੇਦੀ ਨੇ ਦੱਸਿਆ ਕਿ ਇਸ ਇਤਿਹਾਸਕ ਪੁਰਬ ਮੌਕੇ ਪੰਜਾਬ ਤੋਂ ਇਲਾਵਾ ਦੇਸ਼ ਦੇ ਹੋਰਨਾਂ ਸੂਬਿਆਂ ਵਿਚ ਵੀ ਅੰਮ੍ਰਿਤ ਸੰਚਾਰ ਕੀਤੇ ਗਏ। ਉਨ੍ਹਾਂ ਦੱਸਿਆ ਕਿ ਸਿੱਖ ਮਿਸ਼ਨ ਯੂ.ਪੀ. ਦੇ ਇੰਚਾਰਜ ਸ. ਬ੍ਰਿਜ਼ਪਾਲ ਸਿੰਘ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਬਿਲਾਸਪੁਰ ਵਿਖੇ 168 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ। ਸਿੱਖ ਮਿਸ਼ਨ ਹਰਿਆਣਾ ਦੇ ਇੰਚਾਰਜ ਭਾਈ ਮੰਗਪ੍ਰੀਤ ਸਿੰਘ ਅਨੁਸਾਰ ਕਪਾਲ ਮੋਚਨ ਵਿਖੇ 164 ਪ੍ਰਾਣੀ, ਕਰਨਾਲ ਵਿਖੇ 120, ਅਸੰਧ ਵਿਖੇ 68, ਗੁਰਦੁਆਰਾ ਨਾਢਾ ਸਾਹਿਬ ਵਿਖੇ 148 ਅਤੇ ਕੁਰੂਕਸ਼ੇਤਰ ਵਿਖੇ 45 ਪ੍ਰਾਣੀਆਂ ਨੇ ਅੰਮ੍ਰਿਤ ਛਕਿਆ। ਇਸੇ ਤਰ੍ਹਾਂ ਜੰਮੂ ਸਿੱਖ ਮਿਸ਼ਨ ਦੇ ਇੰਚਾਰਜ ਗਿਆਨੀ ਸਵਰਣ ਸਿੰਘ ਅਨੁਸਾਰ ਨੌਸ਼ਹਿਰਾ ਵਿਖੇ 221 ਪ੍ਰਾਣੀ, ਉਤਰਾਖੰਡ ਮਿਸ਼ਨ ਦੇ ਇੰਚਾਰਜ ਸ. ਹਰਜਿੰਦਰ ਸਿੰਘ ਅਨੁਸਾਰ ਹਲਦਿਵਾਨੀ ਸ਼ਹਿਰ 'ਚ 19 ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਲੜ ਲੱਗੇ ਹਨ।

ਸ. ਬੇਦੀ ਨੇ ਦੱਸਿਆ ਕਿ ਖ਼ਾਲਸਾ ਸਾਜਣਾ ਦਿਵਸ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਪਾਕਿਸਤਾਨ ਗਏ ਜਥੇ ਨਾਲ ਭੇਜੇ ਪੰਜ ਪਿਆਰੇ ਸਾਹਿਬਾਨ ਵੱਲੋਂ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ ਰਾਵਲਪਿੰਡੀ ਵਿਖੇ ਕੀਤੇ ਅੰਮ੍ਰਿਤ ਸੰਚਾਰ ਦੌਰਾਨ 101 ਪ੍ਰਾਣੀਆਂ ਨੇ ਖੰਡੇ ਦੀ ਪਾਹੁਲ ਪ੍ਰਾਪਤ ਕੀਤੀ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਵੀ ਪੰਜਾਬ ਦੇ ਵੱਖ-ਵੱਖ ਇਤਿਹਾਸਕ ਗੁਰਦੁਆਰਿਆਂ 'ਚ ਵੀ ਅੰਮ੍ਰਿਤ ਸੰਚਾਰ ਕੀਤੇ ਗਏ ਅਤੇ ਹਜ਼ਾਰਾਂ ਸੰਗਤਾਂ ਨੇ ਅੰਮ੍ਰਿਤ ਛਕ ਕੇ ਗੁਰੂ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ।

## ਸ਼੍ਰੋਮਣੀ ਕਮੇਟੀ ਵੱਲੋਂ ਸਰਹੱਦੀ ਖੇਤਰਾਂ ਲਈ ਮੁਫ਼ਤ ਮੈਡੀਕਲ ਵੈਨਾਂ ਸ਼ੁਰੂ

### ਰੋਜ਼ਾਨਾ ਪੰਜ-ਪੰਜ ਪਿੰਡਾਂ ਤੱਕ ਪਹੁੰਚ ਕਰਨਗੀਆਂ ਮੈਡੀਕਲ ਵੈਨਾਂ-ਭਾਈ ਲੌਂਗੋਵਾਲ

ਅੰਮ੍ਰਿਤਸਰ, 25 ਅਪ੍ਰੈਲ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਅੱਜ ਸ਼੍ਰੋਮਣੀ ਕਮੇਟੀ ਵੱਲੋਂ ਸਰਹੱਦੀ ਇਲਾਕਿਆਂ ਦੇ ਲੋੜਵੰਦ ਲੋਕਾਂ ਲਈ ਮੁਫ਼ਤ ਮੈਡੀਕਲ ਸਹੂਲਤਾਂ ਦੇਣ ਦੇ ਮੰਤਵ ਨਾਲ ਦੋ ਮੈਡੀਕਲ ਵੈਨਾਂ ਨੂੰ ਖ਼ਾਲਸਾਈ ਜੈਕਾਰਿਆਂ ਨਾਲ ਰਵਾਨਾ ਕੀਤਾ। ਦੱਸਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਸਮੇਂ ਦੌਰਾਨ ਸਰਹੱਦੀ ਤੇ ਪੱਛੜੇ ਪੇਂਡੂ ਖੇਤਰਾਂ 'ਚ ਮੁਫ਼ਤ ਮੈਡੀਕਲ ਸਹੂਲਤਾਂ ਦੇਣ ਦਾ ਫੈਸਲਾ ਕੀਤਾ ਗਿਆ ਸੀ, ਜਿਸ ਨੂੰ ਅੱਜ ਅਮਲੀ ਰੂਪ ਦਿੱਤਾ ਗਿਆ।

ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਰਹੱਦੀ ਤੇ ਪੱਛੜੇ ਇਲਾਕਿਆਂ ਦੇ ਗਰੀਬ ਲੋਕਾਂ ਲਈ ਵਰਤਮਾਨ ਸਮੇਂ ਮਹਿੰਗੀਆਂ ਸਿਹਤ ਸੇਵਾਵਾਂ ਪ੍ਰਾਪਤ ਕਰਨਾ ਬੇਹੱਦ ਮੁਸ਼ਕਲ ਹੈ ਅਤੇ ਇਸੇ ਨੂੰ ਵੇਖਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਲੋੜਵੰਦਾਂ ਤੱਕ ਮੁਫ਼ਤ ਸਿਹਤ ਸੇਵਾਵਾਂ ਪਹੁੰਚਾਉਣ ਦਾ ਯਤਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹਾਲ ਦੀ ਘੜੀ ਦੋ ਮੈਡੀਕਲ ਵੈਨਾਂ ਸਰਹੱਦੀ ਪਿੰਡਾਂ ਲਈ ਰਵਾਨਾ ਕੀਤੀਆਂ ਗਈਆਂ ਹਨ ਅਤੇ ਆਉਣ ਵਾਲੇ ਸਮੇਂ ਵਿਚ ਇਸ ਦਾ ਹੋਰ ਵਿਸਥਾਰ ਕੀਤਾ ਜਾਵੇਗਾ। ਮੈਡੀਕਲ ਵੈਨਾਂ ਵਿਚ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਸਬੰਧੀ ਭਾਈ ਲੌਂਗੋਵਾਲ ਨੇ ਦੱਸਿਆ ਕਿ ਹਰ ਇਕ ਵੈਨ ਵਿਚ ਮਾਹਿਰ ਡਾਕਟਰ, ਫਾਰਮਾਸਿਸਟ ਅਤੇ ਹੈਲਪਰ ਮੌਜੂਦ ਰਹਿਣਗੇ ਅਤੇ ਇਸ ਤੋਂ ਇਲਾਵਾ ਮੁਫ਼ਤ ਦਵਾਈਆਂ ਦਾ ਵੀ ਪ੍ਰਬੰਧ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਮੈਡੀਕਲ ਵੈਨਾਂ ਰੋਜ਼ਾਨਾ ਪੰਜ-ਪੰਜ ਪਿੰਡਾਂ ਤੱਕ ਪਹੁੰਚ ਕਰਨਗੀਆਂ ਅਤੇ ਏਸੇ ਤਰ੍ਹਾਂ ਵਾਰੀ-ਵਾਰੀ ਵੱਖ-ਵੱਖ ਹਲਕਿਆਂ ਦੇ ਪਿੰਡਾਂ ਵਿਚ ਜਾਣਗੀਆਂ।

ਉਨ੍ਹਾਂ ਇਹ ਵੀ ਕਿਹਾ ਕਿ ਲੋੜਵੰਦਾਂ ਨੂੰ ਸਸਤੀਆਂ ਸਿਹਤ ਸੇਵਾਵਾਂ ਦੇਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿਹਤ ਸੰਸਥਾਵਾਂ ਵੀ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਮਰੀਜ਼ਾਂ ਦਾ ਘੱਟ ਤੋਂ ਘੱਟ ਖ਼ਰਚੇ 'ਤੇ ਇਲਾਜ਼ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿਚ ਮੁਫ਼ਤ ਮੈਡੀਕਲ ਕੈਂਪ ਵੀ ਲਗਾਏ ਜਾਂਦੇ ਹਨ। ਮੈਡੀਕਲ ਵੈਨਾਂ ਦੀ ਰਵਾਨਗੀ ਸਮੇਂ ਭਾਈ ਲੌਂਗੋਵਾਲ ਨੇ ਵੈਨਾਂ 'ਚ ਸੇਵਾ ਨਿਭਾਉਣ ਵਾਲੇ ਸਟਾਫ਼ ਨੂੰ ਗੁਰੂ ਬਖ਼ਸ਼ਿਸ਼ ਸਿਰਪਾਓ ਵੀ ਦਿੱਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਅਜਾਇਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਵਣਵਾਲਾ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਜਗਜੀਤ ਸਿੰਘ ਜੱਗੀ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਕਰਮਬੀਰ ਸਿੰਘ ਕਿਆਮਪੁਰ, ਸ. ਰਘਬੀਰ ਸਿੰਘ ਮੰਡ ਤੇ ਸ. ਗੁਰਿੰਦਰ ਸਿੰਘ ਮੈਨੇਜਰ, ਮੈਡੀਕਲ ਯੂਨੀਵਰਸਿਟੀ ਦੇ ਵੀ.ਸੀ. ਡਾ. ਕੁਲਵੰਤ ਸਿੰਘ ਦੇਦ, ਪ੍ਰਿੰ. ਡਾਕਟਰ ਮਨਜੀਤ ਸਿੰਘ ਉੱਪਲ, ਪ੍ਰਿੰ. ਡਾ. ਕਵੀਪਾਲ ਸਿੰਘ, ਡਾ. ਬਲਜੀਤ ਸਿੰਘ, ਐਡੀ: ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਸ. ਗੁਰਮੇਲ ਸਿੰਘ ਫਫੜੇਭਾਈ ਸਮੇਤ ਹੋਰ ਮੌਜੂਦ ਸਨ।




## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹਫ਼ਤਾਵਾਰੀ ਧਾਰਮਿਕ ਸਮਾਗਮ ਦੌਰਾਨ 354 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ





ਤਲਵੰਡੀ ਸਾਬੋ, 22 ਅਪ੍ਰੈਲ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੂਰਵ ਨੂੰ ਸਮਰਪਿਤ ਕਰਕੇ ਸਾਰੇ ਤਖ਼ਤ ਸਾਹਿਬਾਨ ਤੇ ਆਰੰਭੀ ਹਫ਼ਤਾਵਾਰੀ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਤੇਰ੍ਹਵਾਂ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਕਮੇਟੀ ਸਬ ਦਫ਼ਤਰ ਵਲੋਂ ਮੁਹੱਈਆ ਜਾਣਕਾਰੀ ਅਨੁਸਾਰ ਸਮਾਗਮਾਂ ਵਿਚ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਗੁਰਜੰਟ ਸਿੰਘ, ਭਾਈ ਗੁਰਦਿੱਤ ਸਿੰਘ ਹਜ਼ੂਰੀ ਰਾਗੀ, ਭਾਈ ਜਗਸੀਰ ਸਿੰਘ ਹਜ਼ੂਰੀ ਰਾਗੀ, ਭਾਈ ਜੀਵਨ ਸਿੰਘ ਘਰਾਚੋਂ ਕਵੀਸ਼ਰੀ ਜਥਾ, ਭਾਈ ਗੁਰਦਾਸ ਸਿੰਘ ਗੋਸਲ ਢਾਡੀ ਜਥਾ, ਭਾਈ ਗੁਰਮੇਲ ਸਿੰਘ ਮਾਖਾ ਪ੍ਰਚਾਰਕ ਤੇ ਭਾਈ ਗੁਰਜੀਤ ਸਿੰਘ ਪ੍ਰਚਾਰਕ ਨੇ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂੰ ਕਰਵਾਇਆ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸ਼ਮੂਲੀਅਤ ਕਰਨ ਵਾਲੀਆਂ ਸੰਗਤਾਂ ਨੂੰ ਪ੍ਰੇਰਨਾ ਕਰਦਿਆਂ ਕਿਹਾ ਕਿ ਉਹ ਕੇਵਲ ਤੇ ਕੇਵਲ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਆਪਣਾ ਗੁਰੂ ਮੰਨਣ। ਉਨ੍ਹਾਂ ਸੰਗਤਾਂ ਨੂੰ ਦੇਹਧਾਰੀ ਪਾਖੰਡੀਆਂ ਦੇ ਮਗਰ ਨਾ ਲੱਗਣ ਦੀ ਵੀ ਪ੍ਰੇਰਨਾ ਕੀਤੀ। ਸਬ ਆਫ਼ਿਸ ਧਰਮ ਪ੍ਰਚਾਰ ਦੇ ਇੰਚਾਰਜ ਭਾਈ ਭੋਲਾ ਸਿੰਘ ਨੇ ਇਸ ਮੌਕੇ ਸੰਗਤਾਂ ਨੂੰ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਆਰੰਭੇ ਉਕਤ ਸਮਾਗਮਾਂ ਵਿਚ ਅੱਜ 354 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ ਹਨ।

ਸਮਾਗਮਾਂ ਮੌਕੇ ਤਖ਼ਤ ਸਾਹਿਬ ਦੇ ਮੈਨੇਜਰ ਭਾਈ ਕਰਨ ਸਿੰਘ, ਗੁਰਦੀਪ ਸਿੰਘ ਦੁਫੇੜਾ, ਬਲਵੀਰ ਸਿੰਘ ਰਾਏਪੁਰ, ਸਵਰਨ ਸਿੰਘ ਮੂਸਾ, ਅਮਨਦੀਪ ਸਿੰਘ ਫੱਤਾ, ਕੁਲਵਿੰਦਰ ਸਿੰਘ ਬੰਗੀ ਤੇ ਮਨਦੀਪ ਸਿੰਘ ਮਾਖਾ ਹਾਜ਼ਰ ਸਨ।

## ਅੱਵਲ ਆਏ ਵਿਦਿਆਰਥੀਆਂ ਨੂੰ ਦਿੱਤੇ ਜਾਣਗੇ 13 ਲੱਖ 67 ਹਜ਼ਾਰ ਰੁਪਏ ਦੇ ਵਜ਼ੀਫੇ -ਡਾ. ਰੂਪ ਸਿੰਘ



ਧਾਰਮਿਕ ਪ੍ਰੀਖਿਆ ਸਾਲ 2017 ਦਾ ਨਤੀਜਾ ਜਾਰੀ

ਅੰਮ੍ਰਿਤਸਰ, 5 ਮਈ- ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਵਿਦਿਆਰਥੀਆਂ ਨੂੰ ਸਿੱਖ ਧਰਮ ਸਬੰਧੀ ਜਾਣਕਾਰੀ ਦੇਣ ਲਈ ਸਕੂਲਾਂ/ਕਾਲਜਾਂ ਵਿਚ ਲਈ ਜਾਂਦੀ ਧਾਰਮਿਕ ਪ੍ਰੀਖਿਆ ਦੇ ਸਾਲ 2017 ਦਾ ਨਤੀਜਾ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਾਰੀ ਕੀਤਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਸਾਲ 2017 ਦੌਰਾਨ ਵੱਖ-ਵੱਖ ਸਕੂਲਾਂ/ਕਾਲਜਾਂ ਦੇ 48316 ਵਿਦਿਆਰਥੀਆਂ ਵਿੱਚੋਂ 17150 ਵਿਦਿਆਰਥੀ ਸਫਲਤਾ ਪੂਰਵਕ ਪਾਸ ਹੋਏ। ਉਨ੍ਹਾਂ ਦੱਸਿਆ ਕਿ ਮੈਰਿਟ ਵਿਚ ਆਏ ਇਨ੍ਹਾਂ ਵਿੱਚੋਂ 658 ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ 1367800 ਰੁਪਏ ਦੀ ਰਾਸ਼ੀ ਵਜੀਫੇ ਵਜੋਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਅਤੇ ਨੌਜੁਆਨਾਂ ਨੂੰ ਗੁਰ ਇਤਿਹਾਸ, ਸਿੱਖ ਇਤਿਹਾਸ ਤੇ ਗੁਰਬਾਣੀ ਨਾਲ ਜੋੜਨ ਦੇ ਮਨਸ਼ੇ ਨਾਲ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ ਜੋ ਨਿਰੰਤਰ ਜਾਰੀ ਰਹਿਣਗੇ।

ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦਿੰਦਿਆਂ ਦੱਸਿਆ ਕਿ ਪਹਿਲੇ ਦਰਜੇ ਵਿੱਚੋਂ ਬਾਬਾ ਹਾਕਮ ਸਿੰਘ ਮੈਮੋਰੀਅਲ ਸਕੂਲ ਦਸਮੇਸ਼ ਨਗਰ ਅੰਮ੍ਰਿਤਸਰ ਦੀ ਵਿਦਿਆਰਥਣ ਅਨਮੋਲਦੀਪ ਕੌਰ ਨੇ 84.5% ਅੰਕ ਹਾਸਲ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਦੂਸਰਾ ਸਥਾਨ ਇਸੇ ਸਕੂਲ ਦੀ ਹੀ ਅਮਨਦੀਪ ਕੌਰ ਨੇ ਹਾਸਲ ਕੀਤਾ, ਜਦਕਿ ਤੀਸਰਾ ਸਥਾਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਸਕੂਲ ਛੇਹਰਟਾ ਦੇ ਵਿਦਿਆਰਥੀ ਦਿਲਪ੍ਰੀਤ ਸਿੰਘ ਨੇ ਪ੍ਰਾਪਤ ਕੀਤਾ ਹੈ।

ਉਨ੍ਹਾਂ ਦੱਸਿਆ ਕਿ ਦੂਸਰੇ ਦਰਜੇ ਵਿੱਚੋਂ ਪਹਿਲਾ ਸਥਾਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖਾਲਸਾ ਸਕੂਲ ਛੇਹਰਟਾ ਦੀ ਬੱਚੀ ਸਰਗੁਨਮੀਤ ਕੌਰ ਨੇ 88.5% ਅੰਕ ਲੈ ਕੇ ਪ੍ਰਾਪਤ ਕੀਤਾ ਹੈ। ਦੂਸਰੇ ਸਥਾਨ ਤੇ ਤਿੰਨ ਵਿਦਿਆਰਥੀ ਰਹੇ, ਜਿਨ੍ਹਾਂ ਵਿੱਚ ਸੰਤ ਬਾਬਾ ਲਾਭ ਸਿੰਘ ਖਾਲਸਾ ਸਕੂਲ ਗੁਰੂ ਕੀ ਬੇਰ ਮੱਤੇਵਾਲ ਦੀ ਵਿਦਿਆਰਥਣ ਮਨਜੀਤ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਵਡਾਲਾ ਗ੍ਰੰਥੀਆਂ ਬਟਾਲਾ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਅਤੇ ਕਲਾਸਵਾਲਾ ਖਾਲਸਾ ਸੀਨੀ: ਸੈਕੰਡਰੀ ਸਕੂਲ ਕਾਦੀਆਂ (ਗੁਰਦਾਸਪੁਰ) ਦੇ ਵਿਦਿਆਰਥੀ ਗੁਰਸੇਵਕ ਸਿੰਘ ਸ਼ਾਮਲ ਹਨ। ਤੀਜਾ ਸਥਾਨ ਗੋਬਿੰਦ ਸਰਵਰ ਸੀਨੀ: ਸੈਕੰਡਰੀ ਸਕੂਲ ਬੁਲੰਦਪੁਰੀ ਸਾਹਿਬ, ਨਕੋਦਰ ਨੇ ਪ੍ਰਾਪਤ ਕੀਤਾ।

ਉਨ੍ਹਾਂ ਦੱਸਿਆ ਕਿ ਤੀਸਰੇ ਦਰਜੇ ਵਿੱਚੋਂ ਪਹਿਲਾ ਸਥਾਨ ਪੰਡਤ ਮੋਹਨ ਲਾਲ ਐਸ.ਡੀ. ਕਾਲਜ ਲੜਕੀਆਂ ਗੁਰਦਾਸਪੁਰ ਦੇ ਵਿਦਿਆਰਥਣ ਮਨਪ੍ਰੀਤ ਕੌਰ ਨੇ, ਦੂਸਰਾ ਸਥਾਨ ਕਾਲਜ ਕਾਲਜ ਗੜ੍ਹਦੀਵਾਲਾ ਦੀ ਵਿਦਿਆਰਥਣ ਵਿਸ਼ਾਲੀ ਨੇ ਜਦ ਕਿ ਤੀਸਰਾ ਸਥਾਨ ਗੁਰੂ ਨਾਨਕ ਕਾਲਜ ਲੜਕੀਆਂ ਸ੍ਰੀ ਮੁਕਤਸਰ ਸਾਹਿਬ ਦੀ ਵਿਦਿਆਰਥਣ ਲਵਜੋਤ ਕੌਰ ਨੇ ਪ੍ਰਾਪਤ ਕੀਤਾ।

ਸ. ਜੌੜਾਸਿੰਘਾ ਨੇ ਦੱਸਿਆ ਕਿ ਚੌਥੇ ਦਰਜੇ ਵਿੱਚੋਂ ਪਹਿਲਾ ਸਥਾਨ ਗੁਰੂ ਨਾਨਕ ਕਾਲਜ ਬੁਢਲਾਡਾ ਦੇ ਵਿਦਿਆਰਥੀ ਚਰਨਜੀਤ ਕਮਲ ਨੇ ਪ੍ਰਾਪਤ ਕੀਤਾ ਅਤੇ ਦੂਸਰੇ ਸਥਾਨ ਤੇ ਇਸੇ ਕਾਲਜ ਦੀ ਹੀ ਵਿਦਿਆਰਥਣ ਹਰਪ੍ਰੀਤ ਕੌਰ ਨੇ ਪ੍ਰਾਪਤ ਕੀਤਾ। ਸ. ਜੌੜਾਸਿੰਘਾ ਅਨੁਸਾਰ ਚੌਥੇ ਦਰਜੇ ਵਿੱਚੋਂ ਤੀਸਰਾ ਸਥਾਨ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਦੀਨਾ ਨਗਰ ਦੀਆਂ ਦੋ ਵਿਦਿਆਰਥਣਾ ਮਨਦੀਪ ਕੌਰ ਅਤੇ ਸੰਦੀਪ ਕੌਰ ਨੇ ਪ੍ਰਾਪਤ ਕੀਤਾ।

ਉਨ੍ਹਾਂ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਜਿਥੇ ਮੈਰਿਟ ਵਿਚ ਰਹਿਣ ਵਾਲੇ 658 ਵਿਦਿਆਰਥੀਆਂ ਨੂੰ ਵਜੀਫੇ ਦਿੱਤੇ ਜਾਣਗੇ ਉਥੇ ਹੀ ਪਹਿਲੇ ਤਿੰਨ ਸਥਾਨਾਂ 'ਤੇ ਰਹਿਣ ਵਾਲੇ ਇਨ੍ਹਾਂ ਵਿਦਿਆਰਥੀਆਂ ਨੂੰ ਵਜੀਫੇ ਦੇ ਨਾਲ ਨਾਲ ਕ੍ਰਮਵਾਰ 5100, 4100 ਅਤੇ 3100 ਰੁਪਏ ਦੇ ਵਿਸ਼ੇਸ਼ ਇਨਾਮ ਅਤੇ ਪ੍ਰਮਾਣ ਪੱਤਰ ਵੀ ਦਿੱਤੇ ਜਾਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ ਤੇ ਪ੍ਰਤਾਪ ਸਿੰਘ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਪ੍ਰਿੰ. ਤਰਨਜੀਤ ਸਿੰਘ, ਧਾਰਮਿਕ ਪ੍ਰੀਖਿਆ ਦੇ ਇੰਚਾਰਜ ਪ੍ਰੋਫੈਸਰ ਸੁਖਦੇਵ ਸਿੰਘ, ਸੁਪਰਵਾਈਜ਼ਰ ਸ. ਕੁਲਵਿੰਦਰ ਸਿੰਘ, ਸ. ਭੁਪਿੰਦਰ ਸਿੰਘ ਬੁੱਟਰ, ਸ. ਸੰਦੀਪ ਸਿੰਘ, ਸ. ਸੁਖਦੇਵ ਸਿੰਘ ਸਮੇਤ ਹੋਰ ਹਾਜ਼ਰ ਸਨ।

## ਖ਼ਾਲਸੇ ਨੇ ਚੁਣੌਤੀਆਂ ਭਰੇ ਸਮੇਂ ਵਿਚ ਵੀ ਹਮੇਸ਼ਾ ਚੜ੍ਹਦੀ ਕਲਾ ਨਾਲ ਜੀਵਨ ਜੀਵਿਆ -ਭਾਈ ਲੌਂਗੋਵਾਲ

### ਖ਼ਾਲਸਾ ਸਾਜਨਾ ਦਿਵਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਲੱਖਾਂ ਸੰਗਤਾਂ ਨੇ ਹਾਜ਼ਰੀ ਭਰੀ

ਤਲਵੰਡੀ ਸਾਬੋ, 14 ਅਪ੍ਰੈਲ- ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਖਾਲਸਾ ਸਾਜਣਾ ਦਿਵਸ ਮੌਕੇ ਹਰ ਸਾਲ ਦੀ ਤਰ੍ਹਾਂ ਲੱਖਾਂ ਦੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰ ਕੇ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ। ਖ਼ਾਲਸਾ ਪੰਥ ਦੇ ਇਸ ਇਤਿਹਾਸਕ ਅਸਥਾਨ ਵਿਖੇ ਸੰਗਤ ਦਾ ਠਾਠਾਂ ਮਾਰਦਾ ਇਕੱਠ ਖਾਲਸਾਈ ਜਾਹੋ-ਜਲਾਲ ਦਾ ਪ੍ਰਗਟਾਵਾ ਕਰ ਰਿਹਾ ਸੀ। ਬੀਤੇ ਦੋ ਦਿਨਾਂ ਤੋਂ ਤਖਤ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਜਾਏ ਗਏ ਧਾਰਮਿਕ ਦੀਵਾਨਾਂ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਅਤੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ ਗਿਆ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਖ਼ਾਲਸਾ ਪੰਥ ਦੁਨੀਆਂ ਤੋਂ ਨਿਆਰਾ ਹੈ, ਜਿਸ ਅੰਦਰ ਗੁਰੂ ਸਾਹਿਬ ਨੇ ਦਇਆ, ਹਿੰਮਤ, ਦ੍ਰਿੜ੍ਹਤਾ, ਸਾਹਿਬੀ ਸਰਦਾਰੀ ਜਿਹੇ ਗੁਣ ਪ੍ਰਗਟ ਕੀਤੇ। ਉਨ੍ਹਾਂ ਸੰਗਤ ਨੂੰ ਪ੍ਰੇਰਣਾ ਕਰਦਿਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਵੀ ਅਪੀਲ ਕੀਤੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਖਾਲਸੇ ਦੀ ਸਾਜਣਾ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਇਕ ਕ੍ਰਾਂਤੀਕਾਰੀ ਕਦਮ ਸੀ, ਜਿਸ ਨਾਲ ਜ਼ੁਲਮ ਦੀ ਲਤਾੜੀ ਹੋਈ ਮਨੁੱਖਤਾ ਨੂੰ ਨਵਾਂ ਜੀਵਨ ਰਾਹ ਮਿਲਿਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਸਾਜੇ ਗਏ ਪੰਥ ਖ਼ਾਲਸੇ ਨੇ ਚੁਣੌਤੀਆਂ ਭਰੇ ਸਮੇਂ ਵਿਚ ਵੀ ਚੜ੍ਹਦੀ ਕਲਾ ਨਾਲ ਜੀਵਨ ਜੀਵਿਆ, ਜਿਸ ਤੋਂ ਅਜੋਕੀ ਨੌਜੁਆਨ ਪੀੜ੍ਹੀ ਨੂੰ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਸਮੁੱਚੇ ਖਾਲਸਾ ਪੰਥ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਨੂੰ ਖਾਲਸਾ ਸਾਜਣਾ ਦਿਵਸ ਦੀ ਵਧਾਈ ਦਿੰਦਿਆਂ ਦਸਵੇਂ ਪਾਤਸ਼ਾਹ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਸੁਚੱਜੀ ਜੀਵਨ ਜਾਚ ਦੇ ਪਾਂਧੀ ਬਣਨ ਲਈ ਪ੍ਰੇਰਨਾ ਕੀਤੀ।

ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਿੱਖ ਕੌਮ ਨੂੰ ਦਰਪੇਸ਼ ਵਰਤਮਾਨ ਚੁਣੌਤੀਆਂ ਦੇ ਹੱਲ ਲਈ ਖ਼ਾਲਸਾ ਪੰਥ ਨੂੰ ਇਕਜੁਟ ਹੋਣਾ ਪਵੇਗਾ। ਉਨ੍ਹਾਂ ਅਪੀਲ ਕੀਤੀ ਕਿ ਨਿੱਜੀ ਮਤਭੇਦ ਭੁਲਾ ਕੇ ਕੌਮ ਦੀ ਚੜ੍ਹਦੀ ਕਲਾ ਲਈ ਕਾਰਜ ਕੀਤੇ ਜਾਣ। ਗਿਆਨੀ ਹਰਪ੍ਰੀਤ ਸਿੰਘ ਨੇ ਖ਼ਾਲਸਾ ਸਾਜਣਾ ਦਿਵਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪਹੁੰਚੇ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਲੱਖਾਂ ਦੀ ਗਿਣਤੀ ਵਿਚ ਪੁੱਜੀਆਂ ਸੰਗਤਾਂ ਦਾ ਧੰਨਵਾਦ ਵੀ ਕੀਤਾ।



ਇਸੇ ਦੌਰਾਨ ਤਖ਼ਤ ਸਾਹਿਬ ਵਿਖੇ ਭਾਰੀ ਅੰਮ੍ਰਿਤ ਸੰਚਾਰ ਵੀ ਹੋਇਆ। ਇਸ ਤੋਂ ਇਲਾਵਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵੱਲੋਂ ਕਰਵਾਏ ਗਏ ਗਤਕਾ ਪ੍ਰਦਰਸ਼ਨੀ ਮੁਕਾਬਲੇ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਤੇਜ ਸਿੰਘ ਢੱਡੇ, ਸ. ਲਖਬੀਰ ਸਿੰਘ ਅਰਾਈਆਂਵਾਲਾ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਿਆਲ ਸਿੰਘ ਕੋਲਿਆਂਵਾਲੀ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਅਮਰੀਕ ਸਿੰਘ ਕੋਟਸ਼ਮੀਰ, ਜਥੇਦਾਰ ਅਵਤਾਰ ਸਿੰਘ ਵਣਵਾਲਾ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਮਨਜੀਤ ਸਿੰਘ ਬੱਪੀਆਣਾ, ਸ. ਦਰਸ਼ਨ ਸਿੰਘ ਕੋਟਫੱਤਾ, ਜਥੇਦਾਰ ਗੁਰਲਾਲ ਸਿੰਘ, ਸ. ਹਰਤੇਜ ਸਿੰਘ ਭੁੱਲਰ, ਬੀਬੀ ਜੋਗਿੰਦਰ ਕੌਰ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਕੇਵਲ ਸਿੰਘ ਗਿੱਲ ਆਦਿ ਮੌਜੂਦ ਸਨ।